


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਮੰਗਲਵਾਰ, 10 ਦਸੰਬਰ 2024

Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 120, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111




## ਦੇਸ਼ ਦੀ ਰਾਜਧਾਨੀ ਦੇ ਹੋਟਲ ਵਿਚ ਲੱਗੀ ਅੱਗ

**ਦਿੱਲੀ, ਲੋਕ ਬਾਣੀ**-ਪੱਛਮੀ ਦਿੱਲੀ ਦੇ ਰਾਜੌਰੀ ਗਾਰਡਨ ਮਾਰਕੀਟ ਵਿੱਚ ਸੋਮਵਾਰ ਨੂੰ ਇੱਕ ਹੋਟਲ(ਰੈਸਟੋਰੈਂਟ) ਵਿੱਚ ਅੱਗ ਲੱਗ ਗਈ, ਜਿਸ ਕਾਰਨ ਇੱਕ ਨਜ਼ਦੀਕੀ ਸੰਸਥਾ ਦੇ ਕਈ ਵਿਦਿਆਰਥੀਆਂ ਨੂੰ ਬਚਾਉਣ ਲਈ ਇਮਾਰਤ ਤੋਂ ਨਾਲ ਲੱਗਦੀ ਛੱਤ 'ਤੇ ਛਾਲ ਮਾਰਨ ਲਈ ਮਜਬੂਰ ਹੋਣਾ ਪਿਆ। ਪੁਲੀਸ ਨੇ ਦੱਸਿਆ ਕਿ ਇੱਕ ਵਿਅਕਤੀ ਨੂੰ ਮਾਮੂਲੀ ਸੱਟਾਂ ਨਾਲ ਹਸਪਤਾਲ ਲਿਜਾਇਆ ਗਿਆ ਹੈ। ਦਿੱਲੀ ਫਾਇਰ ਸਰਵਿਸਿਜ਼ ਦੇ ਮੁਖੀ ਅਤੁਲ ਗਰਗ ਨੇ ਦੱਸਿਆ, ਸਾਨੂੰ ਦੁਪਹਿਰ 2.01 ਵਜੇ ਰਾਜੌਰੀ




ਗਾਰਡਨ ਮੈਟਰੋ ਸਟੇਸ਼ਨ ਨੇੜੇ ਜੰਗਲ ਜੰਬੋਰੀ ਰੈਸਟੋਰੈਂਟ ਵਿੱਚ ਅੱਗ ਲੱਗਣ ਦੀ ਸੂਚਨਾ ਮਿਲੀ।

## ਸਿੰਘਾਪੁਰ ਵਿੱਚ ਰਿਹਾਇਸ਼ੀ ਇਮਾਰਤ ਨੂੰ ਲੱਗੀ ਅੱਗ

**ਸਿੰਗਾਪੁਰ, ਲੋਕ ਬਾਣੀ**- ਪੂਰਬੀ ਸਿੰਗਾਪੁਰ ਦੀ ਇੱਕ ਰਿਹਾਇਸ਼ੀ ਇਮਾਰਤ ਵਿੱਚ ਸੋਮਵਾਰ ਸਵੇਰੇ ਅੱਗ ਲੱਗਣ ਤੋਂ ਬਾਅਦ 50 ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਿਆ ਗਿਆ ਹੈ। ਸਿੰਗਾਪੁਰ ਸਿਵਲ ਡਿਫੈਂਸ ਫੋਰਸ (ਐਸਸੀਡੀਐਫ) ਨੇ ਦੱਸਿਆ ਕਿ ਸਵੇਰੇ 6:40 ਵਜੇ ਟੈਂਪੀਨਸ ਸਟਰੀਟ ਦੇ ਨਾਲ ਹਾਊਸਿੰਗ ਐਂਡ ਡਿਵੈਲਪਮੈਂਟ ਬੋਰਡ (ਐਚਡੀਬੀ) ਬਲਾਕ ਵਿੱਚ ਅੱਗ ਲੱਗਣ ਦੀ ਸੂਚਨਾ ਮਿਲੀ।

ਇੱਕ ਫੇਸਬੁੱਕ ਪੋਸਟ ਵਿੱਚ SCDF ਨੇ



ਕਿਹਾ ਕਿ ਉਨ੍ਹਾਂ ਦੇ ਪਹੁੰਚਣ 'ਤੇ 13ਵੀਂ ਮੰਜ਼ਿਲ 'ਤੇ ਇਕ ਯੂਨਿਟ ਤੋਂ ਕਾਲਾ ਧੂੰਆਂ ਨਿਕਲਦਾ ਦੇਖਿਆ ਗਿਆ। SCDF ਦੁਆਰਾ ਸਾਂਝੀਆਂ ਕੀਤੀਆਂ ਗਈਆਂ

## ਵਿਦੇਸ਼ ਦੀ ਧਰਤੀ ਤੇ ਆਪਾਰਟਮੈਂਟ ਵਿੱਚ ਹੋਇਆ ਧਮਾਕਾ

**ਹੇਗ, ਲੋਕ ਬਾਣੀ**- ਐਮਰਜੈਂਸੀ ਸਰਵਿਸਿਜ਼ ਨੇ ਧਮਾਕਾ ਹੋਣ ਤੇ ਅੱਗ ਲੱਗਣ ਕਾਰਨ ਤਬਾਹ ਹੋਏ ਇੱਕ ਅਪਾਰਟਮੈਂਟ ਜਿੱਥੇ ਘੱਟੋ-ਘੱਟ ਪੰਜ ਜਣੇ ਮਾਰੇ ਗਏ, ਦੇ ਮਲਬੇ ਹੇਠੋਂ ਹੋਰ ਲੋਕਾਂ ਦੀ ਭਾਲ ਲਈ ਤਲਾਸ਼ੀ ਮੁਹਿੰਮ ਅੱਜ ਦੂਜੇ ਦਿਨ ਵੀ ਜਾਰੀ ਰੱਖੀ ਹਾਲਾਂਕਿ ਕਿਸੇ ਦੇ ਵੀ ਜਿਊਂਦੇ ਬਚੇ ਹੋਣ ਦੀ ਉਮੀਦ ਬਹੁਤ ਘੱਟ ਹੈ। ਸ਼ਨਿਚਰਵਾਰ ਸਵੇਰੇ ਹੋਏ ਇਸ ਧਮਾਕੇ ਦੇ ਕਾਰਨਾਂ ਦਾ ਹਾਲੇ ਤੱਕ ਪਤਾ ਨਹੀਂ ਲੱਗ ਸਕਿਆ। ਮੇਅਰ ਜੇ.ਵੀ. ਜ਼ੈਨੇਨ



ਨੇ ਕਿਹਾ ਕਿ ਜਾਂਚਕਰਤਾ ਸਾਰੇ ਪੱਖਾਂ ਤੋਂ ਜਾਂਚ ਕਰ ਰਹੇ ਹਨ। ਪੁਲੀਸ ਨੇ ਆਖਿਆ ਕਿ ਉਹ ਇਸ ਕੇਸ 'ਚ ਮੌਕੇ ਤੋਂ ਜਾ ਰਹੀ ਇੱਕ ਕਾਰ ਦੀ ਭਾਲ ਕਰੇ ਹਨ

## ਰਾਂਚੀ ਵਿਚ ਧੁੰਦ ਕਾਰਨ ਹੋਇਆ ਕਈ ਉਡਾਨਾਂ ਰੱਦ

**ਰਾਂਚੀ, ਲੋਕ ਬਾਣੀ**--ਰਾਂਚੀ ਵਿਚ ਧੁੰਦ ਕਾਰਨ ਦਿੱਖ ਘਟਣ ਕਾਰਨ ਅੱਜ ਲਈ ਸ਼ਹਿਰ ਤੋਂ ਆਉਣ ਵਾਲੀਆਂ ਸਾਰੀਆਂ ਉਡਾਣਾਂ ਰੱਦ ਕਰ ਦਿੱਤੀਆਂ ਗਈਆਂ ਹਨ। ਇੰਡੀਗੋ ਨੇ ਇਕ ਐਡਵਾਈਜ਼ਰੀ ਵੀ ਜਾਰੀ ਕੀਤੀ ਹੈ। ਰਾਂਚੀ ਜਾ ਰਹੀ ਇੰਡੀਗੋ ਦੀ ਉਡਾਣ ਤਕਨੀਕੀ ਖਰਾਬੀ ਕਾਰਨ ਅੱਜ ਸਵੇਰੇ ਉਡਾਣ ਭਰਨ ਤੋਂ ਘੰਟੇ ਦੇ ਅੰਦਰ ਹੀ ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ (ਆਈਜੀਆਈ) ਹਵਾਈ ਅੱਡੇ 'ਤੇ ਪਰਤ ਗਈ। ਜਹਾਜ਼




'ਚ ਸਵਾਰ ਯਾਤਰੀ ਨੇ ਦੱਸਿਆ ਕਿ ਇੰਡੀਗੋ ਦੀ ਫਲਾਈਟ ਨੰਬਰ 6ਈ-2172 ਦੇ ਪਾਇਲਟ ਨੇ ਜਹਾਜ਼ 'ਚ ਤਕਨੀਕੀ ਖਰਾਬੀ ਦੇ ਬਾਰੇ 'ਚ ਦੱਸਿਆ ਅਤੇ ਕਿਹਾ ਕਿ ਜਹਾਜ਼ ਦਿੱਲੀ ਹਵਾਈ ਅੱਡੇ 'ਤੇ ਵਾਪਸ ਜਾ ਰਿਹਾ ਹੈ।

## ਆਰਬੀਆਈ ਦੇ ਨਵੇਂ ਗਵਰਨਰ ਸੰਜੇ ਮਲਹੋਤਰਾ ਬਣੇ

**ਚੰਡੀਗੜ੍ਹ, ਵਿਨੋਦ ਸ਼ਰਮਾ**- ਕੇਂਦਰ ਸਰਕਾਰ ਨੇ ਮਾਲੀਆ ਸਕੱਤਰ ਸੰਜੇ ਮਲਹੋਤਰਾ ਨੂੰ ਰਿਜ਼ਰਵ ਬੈਂਕ ਆਫ ਇੰਡੀਆ (ਆਰਬੀਆਈ) ਦਾ ਨਵਾਂ ਗਵਰਨਰ ਨਿਯੁਕਤ ਕੀਤਾ ਹੈ। ਉਹ ਮੌਜੂਦਾ ਗਵਰਨਰ ਸ਼ਕਤੀਕਾਂਤ ਦਾਸ ਦੇ ਸੇਵਾਮੁਕਤ ਹੋਣ ਤੋਂ ਬਾਅਦ 11 ਦਸੰਬਰ ਨੂੰ ਅਹੁਦਾ ਸੰਭਾਲਣਗੇ। ਇਸ ਤੋਂ ਪਹਿਲਾਂ ਸ਼ਕਤੀਕਾਂਤ



ਛੇ ਸਾਲ ਆਰਬੀਆਈ ਦੇ ਗਵਰਨਰ ਰਹੇ ਹਨ ਜੋ ਕਿਸੇ ਆਰਬੀਆਈ ਦੇ ਗਵਰਨਰ ਦਾ ਸਭ ਤੋਂ ਵੱਡਾ ਕਾਰਜਕਾਲ ਹੈ। ਉਨ੍ਹਾਂ ਨੂੰ 12 ਦਸੰਬਰ 2018 ਵਿਚ ਆਰਬੀਆਈ ਦਾ ਗਵਰਨਰ ਨਿਯੁਕਤ ਕੀਤਾ ਗਿਆ ਸੀ ਤੇ ਉਨ੍ਹਾਂ ਦੇ ਅਹੁਦੇ ਦੀ ਮਿਆਦ ਤਿੰਨ ਸਾਲ ਲਈ ਸੀ। ਇਸ ਤੋਂ ਬਾਅਦ ਉਨ੍ਹਾਂ ਦੇ ਅਹੁਦੇ ਦੀ ਮਿਆਦ ਮੁੜ ਤਿੰਨ ਸਾਲ ਵਧਾਈ ਗਈ। ਦੂਜੇ ਪਾਸੇ ਸੰਜੇ ਮਲਹੋਤਰਾ ਰਾਜਸਥਾਨ ਕੇਡਰ ਦੇ 1990 ਬੈਚ ਦੇ ਆਈਏਐਸ ਅਧਿਕਾਰੀ ਹਨ।

## ਸੀਲ ਕੰਪਨੀ ਦੀ ਜ਼ਮੀਨ ਵਾਪਸ ਲੈਣ ਲਈ ਇਕਜੁੱਟ ਹੋਏ ਕਿਸਾਨ

**ਰਾਜਪੁਰਾ**,–ਉਜਾੜਾ ਰੋਕੂ ਸੰਘਰਸ਼ ਕਮੇਟੀ ਵੱਲੋਂ ਸੀਲ ਕੰਪਨੀ ਦੀ ਖ਼ਾਲੀ ਪਈ ਜ਼ਮੀਨ ਵਿਚ ਸੰਯੁਕਤ ਕਿਸਾਨ ਮੋਰਚਾ ਦੀਆਂ ਵੱਖ ਵੱਖ ਜਥੇਬੰਦੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਵਿਚ ਐੱਸਬੀਪੀ ਕੰਪਨੀ ਵੱਲੋਂ ਜ਼ਬਰਦਸਤੀ ਇਸ ਮਾਮਲੇ ਵਿਚ ਦਖ਼ਲ ਦੇਣ ਦੀ ਨਿਖੇਧੀ ਕੀਤੀ ਗਈ। ਸੰਘਰਸ਼ ਕਮੇਟੀ ਦੇ ਕਨਵੀਨਰ



ਲਸ਼ਕਰ ਸਿੰਘ ਨੇ ਦੱਸਿਆ ਕਿ ਸਰਕਾਰ ਵੱਲੋਂ ਸੀਲ ਕੰਪਨੀ ਨੂੰ ਉਸਾਰੀ ਸਮੇਂ ਦਿੱਤਾ ਗਿਆ

## ਪੰਜਾਬ ਵਿੱਚ ਕਾਨੂੰਨ ਵਿਵਸਥਾ ਦਾ ਬੁਰਾ ਹਾਲ ਵਿਅਕਤੀ ਦਾ ਹੋਇਆ ਕਤਲ

**ਹੁਸ਼ਿਆਰਪੁਰ, ਲੋਕ ਬਾਣੀ**–ਨੇੜਲੇ ਪਿੰਡ ਚੱਕ ਸਿੰਘਾਂ ਵਿਖੇ ਇਕ ਕਿਸਾਨ ਦੀ ਮੋਟਰ ਉਤੇ ਰਹਿੰਦੇ ਪ੍ਰਵਾਸੀ ਮਜ਼ਦੂਰ ਦਾ ਨਾਲ ਦੇ ਸਾਥੀਆਂ ਵਲੋਂ ਤੇਜ਼ਧਾਰ ਹਥਿਆਰਾਂ ਨਾਲ ਕਤਲ ਕਰ ਦਿੱਤੇ ਜਾਣ ਦੀ ਖਬਰ ਹੈ। ਜਾਣਕਾਰੀ ਦਿੰਦਿਆਂ ਸਮੁੰਦੜਾ ਪੁਲਿਸ ਨੇ ਦੱਸਿਆ ਕਿ ਰੰਪਾ ਪੁੱਤਰ ਸੰਧਰਾ ਵਾਸੀ ਪਿੰਡ ਕੋਲੜਾ ਜ਼ਿਲ੍ਹਾ ਖੂਹੀ ਝਾਰਖੰਡ ਕਈ ਮਹੀਨਿਆਂ ਤੋਂ ਨੰਬਰਦਾਰ ਪਰਮਜੀਤ ਸਿੰਘ ਚੱਕ ਸਿੰਘਾਂ ਦੀ ਮੋਟਰ ਉਤੇ ਰਹਿ ਰਿਹਾ ਸੀ। ਕਿਸੇ ਗੱਲ ਕਾਰਨ ਹੋਏ ਤਕਰਾਰ ਨੂੰ ਲੈ ਕੇ ਉਸਦੇ ਸਾਥੀਆਂ



ਵਲੋਂ ਤੇਜ਼ਧਾਰ ਹਥਿਆਰ ਨਾਲ ਉਸਦਾ ਕਤਲ ਕਰ ਦਿੱਤਾ ਗਿਆ ਅਤੇ ਲਾਸ਼ ਨੂੰ ਅੱਗ ਲਾ ਕੇ ਫਰਾਰ ਹੋ ਗਏ। ਪੁਲਿਸ ਵਲੋਂ ਅੱਧ ਸੜੀ ਲਾਸ਼ ਨੂੰ ਕਬਜ਼ੇ ਵਿਚ ਲੈਂਦਿਆਂ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਪੰਜਾਬ ਵਿੱਚ ਇਨਸਾਫ਼ ਲੈਣ ਲਈ ਪੀੜਤ ਪਿਓ ਧੀ ਨੂੰ ਪਾਣੀ ਵਾਲੀ ਟੈਂਕੀ ਤੇ ਚੱੜਨਾ ਪਿਆ

**ਬਰਨਾਲਾ , ਲੋਕ ਬਾਣੀ**-ਇਨਸਾਫ ਲੈਣ ਲਈ ਪਿੰਡ ਰੂੜਕੇ ਕਲਾਂ ਵਿਖੇ ਵਾਟਰ ਵਰਕਸ ਦੀ ਪਾਣੀ ਵਾਲੀ ਟੈਂਕੀ 'ਤੇ ਚੜ੍ਹ ਕੇ ਪੀੜਤ ਪਿਤਾ ਤੇ ਧੀ ਨੇ ਰੋਸ ਪ੍ਰਦਰਸ਼ਨ ਕਰਦਿਆਂ ਪੰਜਾਬ ਸਰਕਾਰ ਤੋਂ ਇਨਸਾਫ ਦੀ ਮੰਗ ਕੀਤੀ ਹੈ। ਪਾਣੀ ਵਾਲੀ ਟੈਂਕੀ 'ਤੇ ਚੜ੍ਹੇ ਪੀੜਤ ਲੜਕੀ ਜਸਪ੍ਰੀਤ ਕੌਰ ਅਤੇ ਉਸਦੇ ਪਿਤਾ ਸਤਨਾਮ ਸਿੰਘ ਪੁੱਤਰ ਹਰਨੇਕ ਸਿੰਘ



ਵਾਸੀ ਰੂੜਕੇ ਕਲਾਂ ਨੇ ਦੱਸਿਆ ਕਿ ਉਸਦੀ ਲੜਕੀ ਨੇ ਵਿਦੇਸ਼ ਜਾਣ ਲਈ ਪੜ੍ਹਾਈ ਕੀਤੀ ਸੀ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# 'ਪੰਜਾਬ ਸਟੇਟ (ਡਿਵੈਲਪਮੈਂਟ ਅਤੇ ਪ੍ਰਮੋਸ਼ਨ ਆਫ਼ ਸਪੋਰਟਸ) ਐਕਟ, 2024 ਲਾਗੂ ਕਰਨ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣਿਆ: ਮੁੱਖ ਮੰਤਰੀ



ਚੰਡੀਗੜ੍ਹ,(ਲੋਕ ਬਾਣੀ) ਪੰਜਾਬ ਵਿੱਚ ਖੇਡਾਂ ਨੂੰ ਹੁਲਾਰਾ ਦੇਣ ਦੇ ਉਦੇਸ਼ ਨਾਲ ਵੱਡੀ ਪਹਿਲਕਦਮੀ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 'ਪੰਜਾਬ ਸਟੇਟ (ਡਿਵੈਲਪਮੈਂਟ ਅਤੇ ਪ੍ਰਮੋਸ਼ਨ ਆਫ਼ ਸਪੋਰਟਸ) ਐਕਟ, 2024 ਨੂੰ ਲਾਗੂ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ, ਜਿਸ ਨਾਲ ਪੰਜਾਬ ਇਸ ਐਕਟ ਨੂੰ ਲਾਗੂ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ।

ਇੱਥੇ ਖੇਡ ਵਿਭਾਗ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਐਕਟ ਦਾ ਮੁੱਖ ਉਦੇਸ਼ ਸੂਬੇ ਵਿੱਚ ਖੇਡਾਂ ਦੇ ਵਿਕਾਸ ਲਈ ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਵਰਤੇ ਜਾਂਦੇ ਚੰਗੇ ਅਮਲਾਂ ਨੂੰ ਅਪਨਾਉਣਾ ਅਤੇ ਖਿਡਾਰੀਆਂ ਦੀ ਨਿਰਪੱਖ ਚੋਣ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਇਹ ਖੇਡ ਐਸੋਸੀਏਸ਼ਨਾਂ ਦੇ ਕੰਮਕਾਜ ਵਿੱਚ ਪਾਰਦਰਸ਼ਤਾ ਲਈ ਕਾਨੂੰਨੀ ਢਾਂਚਾ ਤਿਆਰ ਕਰਨ ਵਾਸਤੇ ਅਹਿਮ ਭੂਮਿਕਾ ਨਿਭਾਏਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨਾਲ ਅਜਿਹੇ ਖਿਡਾਰੀਆਂ ਦੀ ਨਿਰਪੱਖ ਚੋਣ ਨੂੰ ਵੀ ਯਕੀਨੀ ਬਣਾਇਆ ਜਾਵੇਗਾ ਜੋ ਸੂਬਾ ਪੱਧਰ 'ਤੇ ਆਪਣੇ ਜ਼ਿਲ੍ਹਿਆਂ ਦੀ ਨੁਮਾਇੰਦਗੀ ਕਰਨਗੇ ਜਾਂ ਕੌਮੀ ਪੱਧਰ 'ਤੇ ਆਪਣੇ ਸੂਬੇ ਦੀ ਅਤੇ ਕੌਮਾਂਤਰੀ ਪੱਧਰ 'ਤੇ ਦੇਸ਼ ਦੀ ਨੁਮਾਇੰਦਗੀ ਕਰਨਗੇ।ਮੁੱਖ ਮੰਤਰੀ ਨੇ ਕਿਹਾ ਕਿ ਇਸ ਨਾਲ ਖੇਡ ਐਸੋਸੀਏਸ਼ਨਾਂ ਵੱਲੋਂ ਸਰਕਾਰੀ ਫੰਡਾਂ ਦੀ ਸੁਚੱਜੀ ਵਰਤੋਂ ਵਿੱਚ ਵੀ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਇਸ ਐਕਟ ਤਹਿਤ ਹਰੇਕ ਜ਼ਿਲ੍ਹੇ ਵਿੱਚ ਇੱਕ ਵਿਸ਼ੇਸ਼ ਖੇਡ ਲਈ ਜ਼ਿਲ੍ਹਾ ਐਸੋਸੀਏਸ਼ਨ ਰਜਿਸਟਰਡ ਕੀਤੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਐਕਟ ਮੁਤਾਬਿਕ ਖਾਤਿਆਂ ਦੀ ਦੇਖ-ਰੇਖ ਲਾਜ਼ਮੀ ਤੌਰ 'ਤੇ ਚਾਰਟਰਡ ਅਕਾਊਂਟੈਂਟ ਵੱਲੋਂ ਕੀਤੀ ਜਾਵੇਗੀ ਅਤੇ ਸਾਰੇ ਖਰਚਿਆਂ ਤੇ ਆਮਦਨੀ ਦੇ ਸਰੋਤਾਂ ਦੀ ਸਾਲਾਨਾ ਸਟੇਟਮੈਂਟ 31 ਮਈ ਤੋਂ ਪਹਿਲਾਂ ਪ੍ਰਕਾਸ਼ਿਤ ਕੀਤੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਇਲੈਕਟ੍ਰਾਨਿਕ ਫਾਰਮੈਟ ਵਿੱਚ ਦਸਤਾਵੇਜ਼ ਅਤੇ ਖਾਤੇ ਡਾਇਰੈਕਟਰ ਖੇਡਾਂ, ਪੰਜਾਬ ਸਰਕਾਰ ਨੂੰ ਉਪਲਬਧ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਪੰਜ ਮੈਂਬਰੀ ਕਮੇਟੀ ਦਾ ਗਠਨ ਕੀਤਾ ਜਾਵੇਗਾ ਜਿਸ ਵਿੱਚ ਜਨਰਲ ਸਕੱਤਰ, ਦੋ ਸੀਨੀਅਰ ਕੋਚ ਅਤੇ ਦੋ ਉੱਘੇ ਖਿਡਾਰੀ ਸ਼ਾਮਲ ਹੋਣਗੇ ਅਤੇ ਇਹ ਕਮੇਟੀ ਜ਼ਿਲ੍ਹੇ ਜਾਂ ਸੂਬੇ ਦੀ ਨੁਮਾਇੰਦਗੀ ਲਈ ਟੀਮ/ਖਿਡਾਰੀਆਂ ਦੀ ਚੋਣ ਕਰੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਡਿਪਟੀ ਕਮਿਸ਼ਨਰ/ਪ੍ਰਬੰਧਕੀ ਸਕੱਤਰ ਦੀ ਅਗਵਾਈ ਹੇਠ ਗਠਿਤ ਵਿਵਾਦ ਨਿਵਾਰਨ ਕਮੇਟੀ ਵੱਲੋਂ ਖਿਡਾਰੀਆਂ ਦੀ ਅਪੀਲ ਦਾ ਸੱਤ ਦਿਨਾਂ ਅੰਦਰ ਨਿਪਟਾਰਾ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜ਼ਿਲ੍ਹਾ ਪੱਧਰ ਤੇ ਪੰਜ ਮੈਂਬਰੀ ਜਿਨਸੀ ਸ਼ੋਸ਼ਣ ਰੋਕਥਾਮ ਕਮੇਟੀ ਨੂੰ ਨੋਟੀਫਾਈ ਕੀਤਾ ਜਾਵੇਗਾ, ਜਿਸ ਵਿੱਚ ਸਾਰੀਆਂ ਖੇਡ ਐਸੋਸੀਏਸ਼ਨਾਂ ਦੀਆਂ ਕਾਰਜਕਾਰੀ ਕਮੇਟੀਆਂ ਦੇ ਮੈਂਬਰਾਂ ਵਿੱਚੋਂ ਤਿੰਨ ਮਹਿਲਾ ਅਤੇ ਦੋ ਪੁਰਸ਼ ਮੈਂਬਰ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਖੇਡ ਵਿਭਾਗ ਦੇ ਪ੍ਰਬੰਧਕੀ ਸਕੱਤਰ ਵੱਲੋਂ ਸੂਬਾ ਪੱਧਰ ਤੇ ਪੰਜ ਮੈਂਬਰੀ ਕਮੇਟੀ ਨੂੰ ਨੋਟੀਫਾਈ ਕੀਤਾ ਜਾਵੇਗਾ ਜਿਸ ਵਿੱਚ ਰਾਜ ਖੇਡ ਐਸੋਸੀਏਸ਼ਨਾਂ ਦੀਆਂ ਕਾਰਜਕਾਰੀ ਕਮੇਟੀਆਂ ਦੇ ਮੈਂਬਰਾਂ ਸ਼ਾਮਲ ਹੋਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਕਮੇਟੀਆਂ ਅਜਿਹੀ ਕਿਸੇ ਵੀ ਘਟਨਾ ਦੀ ਸੂਰਤ ਵਿੱਚ ਸੂ-ਮੋਟੋ ਨੋਟਿਸ ਲੈ ਸਕਦੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਐਕਟ ਮੁਤਾਬਿਕ ਸਾਰੀਆਂ ਐਸੋਸੀਏਸ਼ਨਾਂ ਖੇਡ ਗਤੀਵਿਧੀਆਂ ਜਿਵੇਂ ਕੈਂਪ, ਲੀਗ ਅਤੇ ਮੁਕਾਬਲੇ ਕਰਵਾਉਣ ਲਈ ਇਕ ਕੈਲੰਡਰ ਤਿਆਰ ਕਰਨਗੀਆਂ ਅਤੇ ਇਸ ਨੂੰ ਹਰ ਸਾਲ 31 ਮਾਰਚ ਤੱਕ ਆਪਣੀ ਵੈੱਬਸਾਈਟ ਤੇ ਅਪਲੋਡ ਕਰਨਗੀਆਂ। ਉਨ੍ਹਾਂ ਕਿਹਾ ਕਿ ਖੇਡ ਵਿਭਾਗ ਵੱਲੋਂ 30 ਦਿਨਾਂ ਦੇ ਅੰਦਰ ਕੈਲੰਡਰ ਨੂੰ ਅੰਤਿਮ ਰੂਪ ਦਿੱਤਾ ਜਾਵੇਗਾ। ਭਗਵੰਤ ਸਿੰਘ ਮਾਨ ਆਸ ਪ੍ਰਗਟਾਈ ਕਿ ਇਹ ਨੀਤੀ ਸੂਬੇ ਵਿੱਚ ਖੇਡਾਂ ਅਤੇ ਖੇਡ ਗਤੀਵਿਧੀਆਂ ਨੂੰ ਵੱਡਾ ਹੁਲਾਰਾ ਦੇਵੇਗੀ, ਜਿਸ ਨਾਲ ਨੌਜਵਾਨਾਂ ਦੀ ਅਥਾਹ ਊਰਜਾ ਨੂੰ ਸਕਾਰਾਤਮਕ ਦਿਸ਼ਾ ਵਿੱਚ ਲਗਾਇਆ ਜਾ ਸਕੇਗਾ।

# ਭਾਰਤੀ ਸਰਹੱਦ ਚ ਦਾਖਲ ਹੋਇਆ ਪਾਕਿਸਤਾਨੀ ਘੁਸਪੈਠੀਆ BSF ਨੇ ਕੀਤਾ ਢੇਰ



ਅੰਮ੍ਰਿਤਸਰ- (ਲੋਕ ਬਾਣੀ) ਐਤਵਾਰ ਰਾਤ ਨੂੰ ਸੀਮਾ ਸੁਰੱਖਿਆ ਬਲ (ਬੀਐਸਐਫ) ਦੇ ਜਵਾਨਾਂ ਨੇ ਪੰਜਾਬ ਦੇ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਅੰਤਰਰਾਸ਼ਟਰੀ ਸਰਹੱਦ ਦੇ ਨਾਲ ਇੱਕ ਸ਼ੱਕੀ ਪਾਕਿਸਤਾਨੀ ਘੁਸਪੈਠੀਏ ਨੂੰ ਮਾਰ ਦਿੱਤਾ।

ਘੁਸਪੈਠੀਏ ਨੇ ਰਾਤ ਅਤੇ ਧੁੰਦ ਦਾ ਫਾਇਦਾ ਉਠਾ ਕੇ ਭਾਰਤੀ ਸਰਹੱਦ ਵਿੱਚ ਦਾਖ਼ਲ ਹੋ ਗਿਆ ਸੀ। ਸ਼ੱਕੀ ਗਤੀਵਿਧੀ ਦੇਖ ਕੇ ਬੀਐਸਐਫ ਦੇ ਜਵਾਨਾਂ ਨੂੰ ਗੋਲੀ ਚਲਾਉਣੀ ਪਈ।

ਅਜੇ ਤੱਕ ਪਾਕਿਸਤਾਨ ਤੋਂ ਮ੍ਰਿਤਕ ਦੇਹ ਵਾਪਸ ਕਰਨ ਦੀ ਕੋਈ ਮੰਗ ਨਹੀਂ ਕੀਤੀ ਗਈ ਹੈ। ਬੀਐਸਐਫ ਦੇ ਬੁਲਾਰੇ ਅਨੁਸਾਰ ਇਹ ਘਟਨਾ ਅੰਮ੍ਰਿਤਸਰ ਦੀ ਸਰਹੱਦ ਨਾਲ ਲੱਗਦੇ ਪਿੰਡ ਮਹਾਵਾ ਨੇੜੇ ਵਾਪਰੀ। ਰਾਤ ਸਮੇਂ ਬੀਐਸਐਫ ਦੇ ਜਵਾਨ ਕੌਮਾਂਤਰੀ ਸਰਹੱਦ 'ਤੇ ਭਾਰਤੀ ਸਰਹੱਦ 'ਤੇ ਲਗਾਈ ਗਈ ਕੰਡਿਆਲੀ ਤਾਰ ਨੇੜੇ ਗਸ਼ਤ ਕਰ ਰਹੇ ਸਨ।

ਇਸ ਦੌਰਾਨ ਕੁਝ ਸੈਨਿਕਾਂ ਨੇ ਸ਼ੱਕੀ ਗਤੀਵਿਧੀ ਦੇਖੀ। ਸਿਪਾਹੀ ਚੌਕਸ ਹੋ ਗਏ। ਸਿਪਾਹੀ ਨੂੰ ਦੇਖ ਕੇ ਸਿਪਾਹੀਆਂ ਨੇ ਉਸ ਨੂੰ ਬੁਲਾ ਕੇ ਰੋਕਣ ਦੀ ਕੋਸ਼ਿਸ਼ ਕੀਤੀ। ਪਰ ਘੁਸਪੈਠੀਏ ਨੇ ਪਹਿਲਾਂ ਲੁਕਣ ਦੀ ਕੋਸ਼ਿਸ਼ ਕੀਤੀ ਅਤੇ ਫਿਰ ਹੌਲੀ-ਹੌਲੀ ਵਾੜ ਦੇ ਨੇੜੇ ਆਉਣਾ ਸ਼ੁਰੂ ਕਰ ਦਿੱਤਾ। ਸ਼ੱਕੀ ਗਤੀਵਿਧੀ ਨੂੰ ਦੇਖ ਕੇ ਜਵਾਨਾਂ ਨੇ ਗੋਲੀ ਚਲਾ ਦਿੱਤੀ। ਘਟਨਾ ਤੋਂ ਬਾਅਦ ਬੀਐਸਐਫ ਨੇ ਇਲਾਕੇ ਵਿੱਚ ਤਲਾਸ਼ੀ ਮੁਹਿਮ ਸ਼ੁਰੂ ਕਰ ਦਿੱਤੀ ਹੈ। ਤਾਂ ਜੋ ਜੇਕਰ ਕੋਈ ਸ਼ੱਕੀ ਵਸਤੂ ਸ਼ੱਕੀ ਵਿਅਕਤੀ ਵੱਲੋਂ ਲਗਾਈ ਗਈ ਹੈ ਤਾਂ ਉਸ ਨੂੰ ਬਰਾਮਦ ਕੀਤਾ ਜਾ ਸਕੇ। ਫਿਲਹਾਲ ਲਾਸ਼ ਨੂੰ ਬਰਾਮਦ ਕਰ ਲਿਆ ਗਿਆ ਹੈ ਅਤੇ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ। ਬੀਐਸਐਫ ਅਧਿਕਾਰੀਆਂ ਦਾ ਕਹਿਣਾ ਹੈ ਕਿ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਜਵਾਨ ਹਮੇਸ਼ਾ ਚੌਕਸ ਰਹਿੰਦੇ ਹਨ। ਘਟਨਾ ਨੂੰ 12 ਘੰਟੇ ਤੋਂ ਵੱਧ ਸਮਾਂ ਹੋ ਗਿਆ ਹੈ। ਪਰ ਹੁਣ ਤੱਕ ਪਾਕਿਸਤਾਨ ਰੇਂਜਰਾਂ ਵੱਲੋਂ ਲਾਸ਼ ਦੀ ਮੰਗ ਨਹੀਂ ਕੀਤੀ ਗਈ ਹੈ। ਫਿਲਹਾਲ ਲਾਸ਼ ਨੂੰ

# ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਤੋਂ ਵਿਦਿਆਰਥੀਆਂ ਨੂੰ ਕੀਤੀ ਛੁੱਟੀ, ਪੁਲੀਸ ਜਾਂਚ ਵਿੱਚ



ਦਿੱਲੀ (ਲੋਕ ਬਾਣੀ) -ਸਕੂਲਾਂ ਨੂੰ ਬੰਬ ਉਡਾਉਣ ਦੀ ਈਮੇਲ ਰਾਹੀਂ ਆਈ ਧਮਕੀ ਤੋਂ ਬਾਅਦ ਬੱਚਿਆਂ ਨੂੰ ਪ੍ਰਸ਼ਾਸਨ ਵੱਲੋਂ ਘਰ ਭੇਜ ਦਿੱਤਾ ਗਿਆ ਹੈ। ਮਿਲੀ ਜਾਣਕਾਰੀ ਮੁਤਾਬਕ ਦਿੱਲੀ ਦੇ 40 ਸਕੂਲਾਂ ਨੂੰ ਈਮੇਲ ਰਾਹੀਂ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਤੋਂ ਸਕੂਲ ਪ੍ਰਸ਼ਾਸਨ ਨੇ ਦਿੱਲੀ ਫਾਇਰ ਵਿਭਾਗ ਨੂੰ ਸਵੇਰੇ 7 ਵਜੇ ਦੇ ਕਰੀਬ ਜਾਣਕਾਰੀ ਦਿੱਤੀ ਗਈ। ਉਸ ਦੇ ਨਾਲ ਹੀ ਸਕੂਲ ਪ੍ਰਸ਼ਾਸਨ ਨੇ ਵਿਦਿਆਰਥੀਆਂ ਨੂੰ ਘਰ ਭੇਜ ਦਿੱਤਾ ਹੈ। ਜਿਹੜੇ ਸਕੂਲਾਂ ਨੂੰ ਧਮਕੀ ਮਿਲੀ ਹੈ ਉਨ੍ਹਾਂ ਵਿੱਚ ਆਰਕੇ ਪੁਰਮ ਸਥਿਤ ਦਿੱਲੀ ਪਬਲਿਕ ਸਕੂਲ ਅਤੇ ਪੱਛਮੀ ਵਿਹਾਰ ਸਥਿਤ ਜੀਡੀ ਗੋਇਨਕਾ ਪਬਲਿਕ ਸਕੂਲ ਸਮੇਤ ਹੋਰ ਵੀ ਕਈ ਸਕੂਲ ਹਨ। ਦਿੱਲੀ ਪੁਲਿਸ ਨੇ ਆਪਣੀ ਜਾਂਚ ਵਿੱਚ ਕਿਹਾ ਕਿ ਅੱਜ ਦਿੱਲੀ ਦੇ 40 ਤੋਂ ਵੱਧ ਸਕੂਲਾਂ ਨੂੰ ਈ-ਮੇਲ ਰਾਹੀਂ ਬੰਬ ਦੀ ਧਮਕੀ ਮਿਲੀ ਹੈ। ਈ-ਮੇਲ 'ਚ ਲਿਖਿਆ ਹੈ ਕਿ ਮੈਂ ਸਕੂਲ ਦੀਆਂ ਇਮਾਰਤਾਂ ਦੇ ਅੰਦਰ ਕਈ ਬੰਬ ਲਗਾਏ ਹਨ। ਬੰਬ ਛੋਟੇ ਅਤੇ ਬਹੁਤ ਚੰਗੀ ਤਰ੍ਹਾਂ ਲੁਕੇ ਹੋਏ ਹਨ। ਇਸ ਨਾਲ ਇਮਾਰਤ ਨੂੰ ਜ਼ਿਆਦਾ ਨੁਕਸਾਨ ਨਹੀਂ ਹੋਵੇਗਾ ਪਰ ਬੰਬ ਫਟਣ 'ਤੇ ਕਈ ਲੋਕ ਜ਼ਖਮੀ ਹੋ ਜਾਣਗੇ। ਜੇਕਰ ਮੈਨੂੰ £30,000 ਨਹੀਂ ਮਿਲੇ ਤਾਂ ਮੈਂ ਬੰਬ ਵਿਸਫੋਟ ਕਰਾਂਗਾ।

# ਅੰਮ੍ਰਿਤਸਰ ਚ ਕਾਰ ਅਤੇ ਟਰੈਕਟਰ ਦੀ ਹੋਈ ਜ਼ਬਰਦਸਤ ਟੱਕਰ, ਹਾਦਸੇ ਚ ਦੋਨਾਂ ਡਰਾਈਵਰਾਂ ਦੀ ਹੋਈ ਮੌਤ



ਅੰਮ੍ਰਿਤਸਰ-(ਲੋਕ ਬਾਣੀ) ਪੰਜਾਬ ਦੇ ਅੰਮ੍ਰਿਤਸਰ ਚ ਅੱਜ ਸਵੇਰੇ ਇਕ ਇਨੋਵਾ ਕਾਰ ਅਤੇ ਟਰੈਕਟਰ ਵਿਚਾਲੇ ਜ਼ਬਰਦਸਤ ਟੱਕਰ ਹੋ ਗਈ। ਹਾਦਸੇ ਵਿੱਚ ਇਨੋਵਾ ਅਤੇ ਟਰੈਕਟਰ ਦੇ ਡਰਾਈਵਰ ਦੋਵਾਂ ਦੀ ਮੌਤ ਹੋ ਗਈ। ਇਨੋਵਾ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ ਹੈ, ਜਦਕਿ ਟਰੈਕਟਰ ਦੇ ਵੀ ਦੋ ਹਿੱਸੇ ਹੋ ਗਏ। ਸੂਚਨਾ ਤੋਂ ਬਾਅਦ ਮੌਕੇ ਤੇ ਪਹੁੰਚੀ ਪੁਲਸ ਨੇ ਦੋਵਾਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ। ਫਿਲਹਾਲ ਪੁਲਸ ਮਾਮਲੇ ਦੀ ਜਾਂਚ ਚ ਜੁਟੀ ਹੈ।

ਰਾਹਗੀਰਾਂ ਅਨੁਸਾਰ ਇਹ ਟਰੈਕਟਰ ਅੱਜ ਸਵੇਰੇ ਅੰਮ੍ਰਿਤਸਰ ਤੋਂ ਬਟਾਲਾ ਲਈ ਰਵਾਨਾ ਹੋਇਆ ਸੀ। ਜੋ ਕਿ ਝੋਨੇ ਨਾਲ ਭਰਿਆ ਹੋਇਆ ਸੀ। ਜਦੋਂ ਉਹ ਵੇਰਕਾ ਬਾਈਪਾਸ 'ਤੇ ਦੂਨ ਸਕੂਲ ਨੇੜੇ ਪਹੁੰਚਿਆ ਤਾਂ ਪਿੱਛੇ ਤੋਂ ਆ ਰਹੀ ਇੱਕ ਇਨੋਵਾ ਕਾਰ ਨੇ ਉਸ ਨੂੰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਇਨੋਵਾ ਪੂਰੀ ਤਰ੍ਹਾਂ ਚਕਨਾਚੂਰ ਹੋ ਕੇ ਪਲਟ ਗਈ, ਜਦਕਿ ਟਰੈਕਟਰ ਵੀ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਅਤੇ ਡਰਾਈਵਰ ਵੀ ਲਪੇਟ ਵਿੱਚ ਆ ਗਏ। ਹਾਦਸੇ ਵਿੱਚ ਕਾਰ ਸਵਾਰ ਅਤੇ ਟਰੈਕਟਰ ਚਾਲਕ ਦੋਵਾਂ ਦੀ ਮੌਤ ਹੋ ਗਈ।ਫਿਲਹਾਲ ਦੋਵਾਂ ਦੀ ਪਛਾਣ ਨਹੀਂ ਹੋ ਸਕੀ ਹੈ। ਪਰ ਟਰੈਕਟਰ ਸਵਾਰ ਤਰਨਤਾਰਨ ਦਾ ਰਹਿਣ ਵਾਲਾ ਦੱਸਿਆ ਜਾ ਰਿਹਾ ਹੈ। ਇਨੋਵਾ ਸਵਾਰ ਬਾਰੇ ਇੰਨੀ ਜਾਣਕਾਰੀ ਮਿਲੀ ਹੈ ਕਿ ਉਹ ਸ਼ਾਇਦ ਏਅਰਪੋਰਟ ਤੋਂ ਆ ਰਿਹਾ ਸੀ ਅਤੇ ਬਹੁਤ ਤੇਜ਼ ਰਫਤਾਰ ਤੇ ਸੀ। ਜਿਸ ਕਾਰਨ ਇਹ ਹਾਦਸਾ ਵਾਪਰਿਆ।

# ਅਕਾਲੀ ਦਲ ਦੀ ਸੰਜਮੀ ਲੀਡਰਸ਼ਿਪ ਨੂੰ ਖ਼ਤਮ ਕਰਨ ਦੀ ਸਾਜ਼ਿਸ਼ ਵਿਚ ਆਪ ਸਰਕਾਰ ਵੀ ਸ਼ਾਮਲ: ਡਾ. ਦਲਜੀਤ ਸਿੰਘ ਚੀਮਾ

ਚੰਡੀਗੜ੍ਹ/ਬਾਰਡਰ (ਲੋਕ ਬਾਣੀ) -ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਅੱਜ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਹੋਏ ਕਾਤਲਾਨਾ ਹਮਲੇ ਦੀ ਸਾਜ਼ਿਸ਼ 'ਤੇ ਪਰਦਾ ਪਾਉਣ ਲਈ ਝੂਠੀ ਐਫ. ਆਈ. ਆਰ. ਦਰਜ ਕਰ ਕੇ ਕਵਰ ਅਪ ਮੁਹਿੰਮ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਐਫ. ਆਈ. ਆਰ. ਵਿਚ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਅੱਤਵਾਦੀ ਨੂੰ 'ਸੰਗਤ' ਦਾ ਮੈਂਬਰ ਦੱਸਿਆ ਗਿਆ ਹੈ ਤੇ ਸਾਰੀ ਘਟਨਾ ਨੂੰ ਛੁਪਾਉਣ ਵਾਸਤੇ ਇਸ ਨੂੰ 'ਹਵਾਈ ਫਾਇਰ' ਦਾ ਨਾਂਅ ਦਿੱਤਾ ਗਿਆ ਹੈ।ਇਥੇ ਜਾਰੀ ਕੀਤੇ ਇਕ ਬਿਆਨ ਵਿਚ ਡਾ. ਦਲਜੀਤ ਸਿੰਘ ਚੀਮਾ ਨੇ ਐਫ਼. ਆਈ. ਆਰ. ਨੂੰ ਰੱਦ ਕਰਦਿਆਂ ਇਸ ਨੂੰ ਇਕ ਚਾਲਾਕੀ ਭਰੀ ਮੁਹਿੰਮ ਕਰਾਰ ਦਿੱਤਾ, ਜਿਸਦਾ ਮਕਸਦ ਹਮਲਾਵਰ ਦੀ ਪੁਸ਼ਤਪਨਾਹੀ ਕਰਨ ਵਾਲੇ ਪੰਜਾਬ ਪੁਲਿਸ ਅਫਸਰਾਂ ਦੀ ਭੂਮਿਕਾ 'ਤੇ ਪਰਦਾ ਪਾਉਣਾ ਹੈ।ਇਸ ਕਾਤਲਾਨਾ ਹਮਲੇ ਦੀ ਹਾਈ ਕੋਰਟ ਦੀ ਨਿਗਰਾਨੀ ਹੇਠ ਨਿਰਪੱਖ ਜਾਂਚ ਦੀ ਮੰਗ ਕਰਦਿਆਂ ਡਾ. ਚੀਮਾ ਨੇ ਕਿਹਾ ਕਿ ਸੀਨੀਅਰ ਅਕਾਲੀ ਆਗੂ ਸਰਦਾਰ ਬਿਕਰਮ ਸਿੰਘ ਮਜੀਠੀਆ ਵੱਲੋਂ ਨਿਰੰਤਰ ਕੀਤੀਆਂ ਪ੍ਰੈਸ ਕਾਨਫਰੰਸਾਂ ਵਿਚ ਪ੍ਰਗਟਾਇਆ ਤੌਖਲਾ ਸੱਚਾ ਸਾਬਤ ਹੋਇਆ ਹੈ।



ਸੀ ਸੀ ਟੀ ਵੀ ਕੈਮਰਾ ਫੁਟੇਜ ਰਾਹੀਂ ਇਹ ਵੀ ਸਪਸ਼ਟ ਹੋ ਗਿਆ ਸੀ ਕਿ ਹਮਲਾਵਰ ਨਰਾਇਣ ਸਿੰਘ ਚੌੜਾ ਨੇ 9 ਐਮ ਐਮ ਪੀ ਸੈਮੀ ਆਟੋਮੈਟਿਕ ਪਿਸਟਲ ਨਾਲ ਸਰਦਾਰ ਸੁਖਬੀਰ ਸਿੰਘ ਬਾਦਲ 'ਤੇ ਹਮਲਾ ਕਰਨ ਤੋਂ ਪਹਿਲਾਂ ਤਿੰਨ ਦਿਨ ਤੱਕ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਵਿਚ ਪੂਰੀ ਰੇਕੀ ਕੀਤੀ। ਉਹਨਾਂ ਕਿਹਾ ਕਿ ਹੁਣ ਸਪੱਸ਼ਟ ਹੋ ਗਿਆ ਹੈ ਕਿ ਆਪ ਸਰਕਾਰ ਸੰਜਮੀ ਸਿੱਖ ਲੀਡਰਸ਼ਿਪ ਨੂੰ ਖ਼ਤਮ ਕਰਨ ਦੀ ਸਾਜ਼ਿਸ਼ ਦਾ ਹਿੱਸਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੇ ਤਾਂ ਪੂਰਾ ਜ਼ੋਰ ਲਗਾ ਦਿੱਤਾ ਹੈ ਕਿ ਸ. ਸੁਖਬੀਰ ਸਿੰਘ ਬਾਦਲ ਨੂੰ ਖ਼ਤਮ ਕਰਨ ਦੀ ਇਸ ਡੂੰਘੀ ਸਾਜ਼ਿਸ਼ ਦਾ ਸੱਚ ਕਦੇ ਬਾਹਰ ਹੀ ਨਾ ਆ ਸਕੇ।

## ਪੰਜਾਬ ਸਰਕਾਰ ਵਲੋਂ ਸੂਬੇ ਦੇ ਸਾਰੇ ਸਕੂਲਾਂ 'ਚ 24 ਤੋ ਸਰਦੀਆਂ ਦੀਆਂ ਛੁੱਟੀਆ ਦਾ ਐਲਾਨ




ਮੋਹਾਲੀ /ਬਾਰਡਰ (ਲੋਕ ਬਾਣੀ)-ਪੰਜਾਬ ਸਰਕਾਰ ਵਲੋਂ ਸੂਬੇ ਦੇ ਸਰਕਾਰੀ, ਨਿੱਜੀ ਸਹਾਇਤਾ ਪ੍ਰਾਪਤ ਅਤੇ ਮਾਨਤਾ ਪ੍ਰਾਪਤ ਸਕੂਲਾਂ ਵਿਚ ਸਰਦੀਆਂ ਦੇ ਮੌਸਮ ਦੇ ਮੱਦੇਨਜ਼ਰ ਛੁੱਟੀਆਂ ਦਾ ਐਲਾਨ ਕਰ ਦਿੱਤਾ ਗਿਆ ਹੈ। ਇਹ ਛੁੱਟੀਆਂ 24 ਤੋਂ 31 ਦਸੰਬਰ ਤੱਕ ਹੋਣਗੀਆਂ। ਇਸ ਸੰਬੰਧੀ ਜਾਰੀ ਪੱਤਰ ਵਿਚ ਪੰਜਾਬ ਸਰਕਾਰ ਦੇ ਸਕੱਤਰ ਕਮਲ ਕਿਸ਼ੋਰ ਯਾਦਵ ਨੇ ਦੱਸਿਆ ਕਿ ਇਹ ਹੁਕਮ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਪ੍ਰਵਾਨਗੀ ਉਪਰੰਤ ਜਾਰੀ ਕਰ ਦਿੱਤੇ ਗਏ ਹਨ।

## ਪਾਰਟੀ ਵਿੱਚ ਸੁਧਾਰ ਲਿਆਉਣ ਤੋ ਬਾਅਦ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਭੰਗ



ਅੰਮ੍ਰਿਤਸਰ/ਬਾਰਡਰ (ਲੋਕ ਬਾਣੀ)-ਪਿਛਲੇ ਦਿਨਾਂ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਰਘਬੀਰ ਸਿੰਘ ਅਤੇ ਪੰਜ ਸਿੰਘ ਸਹਿਬਾਨ ਵੱਲੋਂ ਹੋਏ ਹੁਕਮ ਦੀ ਪਾਲਣਾ ਕਰਦੇ ਹੋਏ ਅੱਜ ਇਥੇ ਕਨਵੀਨਰ ਗੁਰਪ੍ਰਤਾਪ ਸਿੰਘ ਵਡਾਲਾ ਦੀ ਅਗਵਾਈ ਵਿਚ ਅੰਮ੍ਰਿਤਸਰ ਵਿਖੇ ਹੋਈ ਇਕੱਤਰਤਾ ਦੌਰਾਨ ਕਰੀਬ ਛੇ ਮਹੀਨੇ ਪਹਿਲਾਂ ਗਠਤ ਕੀਤੀ ਗਈ ਅਕਾਲੀ ਦਲ ਸੁਧਾਰ ਲਹਿਰ ਨੂੰ ਭੰਗ ਕਰਨ ਦਾ ਫੈਸਲਾ ਕੀਤਾ ਗਿਆ।ਇਸ ਮੀਟਿੰਗ ਵਿਚ ਗੁਰਪ੍ਰਤਾਪ ਸਿੰਘ ਵਡਾਲਾ ਤੋਂ ਇਲਾਵਾ ਬੀਬੀ ਜਗੀਰ ਕੌਰ, ਪ੍ਰੇਮ ਸਿੰਘ ਚੰਦੂਮਾਜਰਾ, ਭਾਈ ਮਨਜੀਤ ਸਿੰਘ ਭੂਰਾ ਕੋਹਨਾ, ਬੀਬੀ ਕਿਰਨਜੋਤ ਕੌਰ ਤੇ ਸੁੱਚਾ ਸਿੰਘ ਛੋਟੇਪੁਰ ਸਮੇਤ ਹੋਰ ਅਕਾਲੀ ਆਗੂ ਮੌਜੂਦ ਸਨ। ਬੀਬੀ ਜਗੀਰ ਕੌਰ ਤੇ ਭਾਈ ਮਨਜੀਤ ਸਿੰਘ ਨੇ ਇਕੱਤਰਤਾ ਵਿਚ ਲਏ ਫੈਸਲੇ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਕੱਤਰਤਾ ਵਿਚ ਪਿਛਲੇ ਦਿਨੀਂ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਦਾ ਪਾਲਣ ਕਰਦਿਆਂ ਸੁਧਾਰ ਲਹਿਰ ਦਾ ਪ੍ਰੀਜੀਡੀਅਮ ਢਾਂਚਾ ਭੰਗ ਕਰਨ ਦੇ ਨਾਲ ਹੀ ਪਿਛਲੇ ਸਮੇਂ ਵਿਚ ਗਠਿਤ ਬੋਰਡ ਵੀ ਭੰਗ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਹੁਣ ਅਕਾਲੀ ਦਲ ਦੀ ਵਰਕਿੰਗ ਕਮੇਟੀ ਨੂੰ ਵੀ ਸੁਖਬੀਰ ਸਿੰਘ ਬਾਦਲ ਸਮੇਤ ਹੋਰਨਾਂ ਅਕਾਲੀ ਆਗੂਆਂ ਵਲੋਂ ਦਿੱਤੇ ਅਸਤੀਫੇ ਪ੍ਰਵਾਨ ਕਰ ਲੈਣੇ ਚਾਹੀਦੇ ਹਨ ਤੇ ਸਿੰਘ ਸਾਹਿਬਾਨ ਵਲੋਂ ਗਠਿਤ ਸੱਤ ਮੈਂਬਰੀ ਕਮੇਟੀ ਵਲੋਂ ਅਕਾਲੀ ਦਲ ਨੂੰ ਮਜ਼ਬੂਤ ਕਰਨ ਲਈ ਦਲ ਦੀ ਭਰਤੀ ਆਰੰਭ ਕਰਨੀ ਚਾਹੀਦੀ ਹੈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਅਸੀਂ ਹੁਣ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਬਣ ਕੇ ਪਾਰਟੀ ਦੀ ਮਜਬੂਤੀ ਲਈ ਕੰਮ ਕਰਾਂਗੇ।

## ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ 5.1 ਕਿਲੋ ਹੈਰੋਇਨ ਬ੍ਰਾਮਦ ਕਰਕੇ ਇਕ ਵਿਆਕਤੀ ਕੀਤਾ ਕਾਬੂ

ਅੰਮ੍ਰਿਤਸਰ (ਲੋਕ ਬਾਣੀ)-ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੇ ਨੈੱਟਵਰਕ ਨੂੰ ਵੱਡਾ ਝਟਕਾ ਦਿੰਦਿਆਂ ਕਮਿਸ਼ਨਰੇਟ ਪੁਲਿਸ (ਸੀਪੀ) ਅੰਮ੍ਰਿਤਸਰ ਨੇ ਅੱਜ ਇੱਕ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕਰਕੇ ਉਸ ਦੇ ਕਬਜ਼ੇ ਵਿੱਚੋਂ 5.1 ਕਿਲੋ ਹੈਰੋਇਨ ਬਰਾਮਦ ਕੀਤੀ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਗੁਰਵੀਰ ਸਿੰਘ ਉਰਫ਼ ਗੋਰਾ (32) ਵਾਸੀ ਬਸਤੀ ਮੁਹੰਮਦ ਸ਼ਾਹ ਵਾਲੀ, ਫਿਰੋਜ਼ਪੁਰ ਵਜੋਂ ਹੋਈ ਹੈ।



ਹੈਰੋਇਨ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਟੀਮਾਂ ਨੇ ਉਸ ਦੀ ਟੋਇਟਾ ਫਾਰਚੂਨਰ ਕਾਰ ਜਿਸ ਨੂੰ ਉਹ ਚਲਾ ਰਿਹਾ ਸੀ, ਨੂੰ ਵੀ ਜ਼ਬਤ ਕਰ ਲਿਆ ਹੈ।ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਕਾਬੂ ਕੀਤਾ ਗਿਆ ਮੁਲਜ਼ਮ ਅੰਮ੍ਰਿਤਸਰ ਸੈਕਟਰ ਤੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਦਾ ਸੀ ਅਤੇ ਖੇਪਾਂ ਦੀ ਡਿਲਿਵਰੀ ਕਰਨ ਲਈ ਵੱਖ-ਵੱਖ ਵਿਅਕਤੀਆਂ ਦੀ ਵਰਤੋਂ ਕਰਦਾ ਸੀ। ਉਨ੍ਹਾਂ ਕਿਹਾ ਕਿ ਉਕਤ ਮੁਲਜ਼ਮ ਦੇ ਇੱਕ ਹੋਰ ਸਾਥੀ ਦੀ ਪਛਾਣ ਕਰ ਲਈ ਗਈ ਹੈ ਅਤੇ ਪੁਲਿਸ ਟੀਮਾਂ ਉਸ ਨੂੰ ਫੜਨ ਲਈ ਛਾਪੇਮਾਰੀ ਕਰ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਇਸ ਮਾਮਲੇ ਸਬੰਧੀ ਥਾਣਾ ਛਾਉਣੀ ਅੰਮ੍ਰਿਤਸਰ ਵਿਖੇ ਐਫਆਈਆਰ ਦਰਜ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਨੈਟਵਰਕ ਦਾ ਪਰਦਾਫਾਸ਼ ਕਰਨ ਦੇ ਉਦੇਸ਼ ਨਾਲ ਇਸ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਕਰਨ ਵਾਸਤੇ ਜਾਂਚ ਕੀਤੀ ਜਾ ਰਹੀ ਹੈ।

ਦੋਸ਼ੀ ਨੇ ਪਿਛਲੇ ਪੰਜ ਮਹੀਨਿਆਂ ਦੌਰਾਨ ਘੱਟੋ-ਘੱਟ ਤਿੰਨ ਖੇਪਾਂ ਦੀ ਕੀਤੀ ਡਲੀਵਰੀ, ਜਾਂਚ ਦੌਰਾਨ ਹੋਇਆ ਖੁਲਾਸਾ: ਸੀਪੀ ਗੁਰਪ੍ਰੀਤ ਸਿੰਘ ਭੁੱਲਰਇਸ ਆਪ੍ਰੇਸ਼ਨ ਸਬੰਧੀ ਹੋਰ ਵੇਰਵੇ ਸਾਂਝੇ ਕਰਦਿਆਂ ਪੁਲਿਸ ਕਮਿਸ਼ਨਰ (ਸੀ.ਪੀ.) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਭਰੋਸੇਯੋਗ ਸੂਤਰਾਂ ਤੋਂ ਮਿਲੀ ਪੁਖ਼ਤਾ ਇਤਲਾਹ 'ਤੇ ਕਾਰਵਾਈ ਕਰਦੇ ਹੋਏ ਡੀ.ਸੀ.ਪੀ. ਆਲਮ ਵਿਜੇ ਸਿੰਘ, ਏ.ਡੀ.ਸੀ.ਪੀ. ਇਨਵੈਸਟੀਗੇਸ਼ਨ ਨਵਜੋਤ ਸਿੰਘ ਅਤੇ ਏ.ਸੀ.ਪੀ. ਡਿਟੈਕਟਿਵ ਕੁਲਦੀਪ ਸਿੰਘ ਦੀ ਨਿਗਰਾਨੀ ਵਿੱਚ ਅਤੇ ਇੰਚਾਰਜ ਸੀ.ਆਈ.ਏ. ਸਟਾਫ-1 ਅਮੋਲਕਦੀਪ ਸਿੰਘ ਦੀ ਅਗਵਾਈ ਵਿੱਚ ਇੱਕ ਪੁਲਿਸ ਟੀਮ ਨੇ ਵਿਸ਼ੇਸ਼ ਮੁਹਿੰਮ ਚਲਾ ਕੇ ਅੰਮ੍ਰਿਤਸਰ ਦੇ ਲੋਹਾਰਕਾ ਰੋਡ ਤੋਂ ਫਾਰਚੂਨਰ ਕਾਰ, ਜਿਸ ਵਿੱਚ ਦੋਸ਼ੀ ਵਿਅਕਤੀ ਸਫਰ ਕਰ ਰਿਹਾ ਸੀ, ਨੂੰ ਰੋਕਣ ਵਿੱਚ ਸਫ਼ਲਤਾ ਹਾਸਲ ਕੀਤੀ। ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਵਿਅਕਤੀ ਕਿਸੇ ਹੋਰ ਸਮੱਗਲਰ, ਜਿਸਨੇ ਸਰਹੱਦ ਪਾਰੋਂ ਭੇਜੀ ਖੇਪ ਹਾਸਲ ਕੀਤੀ ਸੀ, ਤੋਂ ਹੈਰੋਇਨ ਪ੍ਰਾਪਤ ਕਰਕੇ ਅਟਾਰੀ ਤੋਂ ਆ ਰਿਹਾ ਸੀ। ਜਾਂਚ ਤੋਂ ਇਹ ਵੀ ਪਤਾ ਲੱਗਾ ਹੈ ਕਿ ਦੋਸ਼ੀ ਪਿਛਲੇ ਪੰਜ-ਛੇ ਮਹੀਨਿਆਂ ਤੋਂ ਤਸਕਰੀ ਦਾ ਧੰਦਾ ਕਰ ਰਿਹਾ ਸੀ ਅਤੇ ਉਸ ਨੇ ਘੱਟੋ-ਘੱਟ ਤਿੰਨ ਖੇਪਾਂ ਦੀ ਡਿਲੀਵਰੀ ਕੀਤੀ ਹੈ।

ਪੁਲਿਸ ਕਮਿਸ਼ਨਰ ਨੇ ਕਿਹਾ ਕਿ ਮੁਲਜ਼ਮਾਂ ਦੇ ਅਗਲੇਰੇ-ਪਿਛਲੇਰੇ ਸਬੰਧ ਸਥਾਪਤ ਕਰਨ ਅਤੇ ਡਰੱਗ ਸਪਲਾਇਰਾਂ, ਡੀਲਰਾਂ ਅਤੇ ਖ਼ਰੀਦਦਾਰਾਂ ਦੇ ਪੂਰੇ ਨੈਟਵਰਕ ਦਾ ਪਰਦਾਫਾਸ਼ ਕਰਨ ਲਈ ਜਾਂਚ ਜਾਰੀ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮਾਂ ਵੱਲੋਂ ਹੁਣ ਤੱਕ ਖ਼ਰੀਦੇ ਅਤੇ ਵੰਡੇ ਗਏ ਨਸ਼ੀਲੇ ਪਦਾਰਥਾਂ ਦੀ ਕੁੱਲ ਮਾਤਰਾ ਦਾ ਪਤਾ ਲਗਾਉਣ ਲਈ ਵੀ ਯਤਨ ਕੀਤੇ ਜਾ ਰਹੇ ਹਨ।

ਇਸ ਸਬੰਧੀ ਥਾਣਾ ਅੰਮ੍ਰਿਤਸਰ ਵਿਖੇ ਐਨ.ਡੀ.ਪੀ.ਐਸ ਐਕਟ ਦੀਆਂ ਧਾਰਾਵਾਂ 21(ਸੀ), 23 ਅਤੇ 29 ਅਧੀਨ ਮੁਕੱਦਮਾ ਨੰਬਰ 194 ਮਿਤੀ 08-12-2024 ਦਰਜ ਕੀਤਾ ਗਿਆ ਹੈ।

# ਸ਼ਿਵ ਸੈਨਾ (ਯੂਬੀਟੀ) ਨੇ ਫਗਵਾੜਾ 'ਚ ਕੀਤੀ ਪ੍ਰੈਸ ਕਾਨਫਰੰਸ

ਫਗਵਾੜਾ ( ਸੁਸ਼ੀਲ ਸ਼ਰਮਾ ) ਬੀਤੀ ਰਾਤ ਫਗਵਾੜਾ ਦੀ ਸ਼੍ਰੀ ਕ੍ਰਿਸ਼ਨ ਗਊਸ਼ਾਲਾ ਵਿੱਚ ਦਰਜਨਾਂ ਗਊਆਂ ਦੀ ਸ਼ੱਕੀ ਹਾਲਤ ਵਿੱਚ ਹੋਈ ਮੌਤ ਤੋਂ ਬਾਅਦ ਸ਼ਿਵ ਸੈਨਾ (ਯੂ.ਬੀ.ਟੀ.) ਪੰਜਾਬ ਦੇ ਪ੍ਰਧਾਨ ਯੋਗਰਾਜ ਸ਼ਰਮਾ ਦੇ ਨਿਰਦੇਸ਼ਾਂ ਅਨੁਸਾਰ ਪਾਰਟੀ ਦੇ ਮੁੱਖ ਸੂਬਾਈ ਬੁਲਾਰੇ ਚੰਦਰਕਾਂਤ ਚੱਢਾ, ਯੁਵਾ ਸੈਨਾ ਦੇ ਜਨਰਲ ਸਕੱਤਰ ਗੌਤਮ ਸੂਦ ਤੋਂ ਇਲਾਵਾ ਲੁਧਿਆਣਾ ਦੇ ਜ਼ਿਲ੍ਹਾ ਪ੍ਰਧਾਨ ਨਿਤਿਨ, ਕਾਰਜਕਾਰੀ ਜ਼ਿਲ੍ਹਾ ਪ੍ਰਧਾਨ ਵਰੁਣ ਖੰਨਾ ਅਤੇ ਜਲੰਧਰ ਦੇ ਜ਼ਿਲ੍ਹਾ ਪ੍ਰਧਾਨ ਮੁਕੇਸ਼ ਸਿਆਲ ਨੇ ਅੱਜ ਸੂਬਾ ਪ੍ਰੈਸ ਸਕੱਤਰ ਕਮਲ ਸਰੋਜ ਦੀ ਮੌਜੂਦਗੀ ਵਿੱਚ ਸਥਾਨਕ ਰੈਸਟ ਹਾਊਸ ਵਿਖੇ ਪ੍ਰੈਸ ਕਾਨਫਰੰਸ ਕੀਤੀ। ਇਸ ਦੌਰਾਨ ਸੂਬਾਈ ਬੁਲਾਰੇ ਚੰਦਰਕਾਂਤ ਚੱਢਾ ਨੇ ਕਿਹਾ ਕਿ ਗਊਸ਼ਾਲਾ ਦੇ ਅੰਦਰ ਇੱਕੋ ਸਮੇਂ ਇੰਨੀ ਵੱਡੀ ਗਿਣਤੀ ਵਿੱਚ ਗਾਵਾਂ ਦੀ ਮੌਤ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਨਿਆਂਇਕ ਜਾਂਚ ਕਰਵਾਉਣੀ ਜ਼ਰੂਰੀ ਹੈ। ਕਿਉਂਕਿ ਪੰਜਾਬ ਵਿੱਚ ਵੱਡੇ ਪੱਧਰ 'ਤੇ ਗਊ ਹੱਤਿਆ ਦੀ ਸਾਜ਼ਿਸ਼ ਰਚੀ ਜਾ ਰਹੀ ਹੈ। ਇਸ ਤੋਂ ਪਹਿਲਾਂ ਵੀ ਹਾਲ ਹੀ ਵਿੱਚ ਲੁਧਿਆਣਾ ਅਤੇ ਸਰਹਿੰਦ ਵਿੱਚ ਗਊ ਹੱਤਿਆ ਅਤੇ ਤਸਕਰੀ ਦੇ ਮਾਮਲੇ ਸਾਹਮਣੇ ਆਏ ਹਨ। ਉਨ੍ਹਾਂ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਤੋਂ ਵੀ ਮੰਗ ਕੀਤੀ






ਹੈ ਕਿ ਮਰੀਆਂ ਗਾਵਾਂ ਦੇ ਇਸ ਮਾਮਲੇ ਦੀ ਜਾਂਚ ਲਈ ਹਾਈਕੋਰਟ ਦੇ ਸੇਵਾਮੁਕਤ ਜੱਜ ਦੀ ਅਗਵਾਈ ਵਿੱਚ ਜਾਂਚ ਕਮਿਸ਼ਨ ਗਠਿਤ ਕੀਤਾ ਜਾਵੇ। ਇਸ ਦੌਰਾਨ ਸ਼ਿਵ ਸੈਨਾ ਦੇ ਸੂਬਾ ਪ੍ਰੈਸ ਸਕੱਤਰ ਕਮਲ ਸਰੋਜ ਨੇ ਕਿਹਾ ਕਿ ਇਸ ਘਟਨਾ ਨਾਲ ਸਨਾਤਨ ਸਮਾਜ ਦੀਆਂ ਭਾਵਨਾਵਾਂ ਨੂੰ ਠੇਸ ਪੁੱਜੀ ਹੈ ਪਰ ਅਫਸੋਸ ਦੀ ਗੱਲ ਹੈ ਕਿ ਪੁਲਸ ਅਤੇ ਪ੍ਰਸ਼ਾਸਨ ਦੇ ਉੱਚ ਅਧਿਕਾਰੀ ਤੁਰੰਤ ਮੌਕੇ 'ਤੇ ਨਹੀਂ ਪਹੁੰਚੇ। ਉਨ੍ਹਾਂ ਪੁਲਿਸ ਅਤੇ ਪ੍ਰਸ਼ਾਸਨ ਨੂੰ ਘਟਨਾ ਦੇ ਅਸਲ ਤੱਥਾਂ ਨੂੰ ਛੁਪਾਉਣ ਜਾਂ ਮਾਮਲੇ ਨੂੰ ਦਬਾਉਣ ਦੀ ਕਿਸੇ ਵੀ ਕੋਸ਼ਿਸ਼ ਦਾ ਸਖ਼ਤ ਵਿਰੋਧ ਕਰਨ ਦੀ ਚਿਤਾਵਨੀ ਦਿੱਤੀ। ਸ਼ਿਵ ਸੈਨਾ ਆਗੂਆਂ ਨੇ ਕਿਹਾ ਕਿ ਜੇਕਰ ਗਊ ਹੱਤਿਆ ਅਤੇ ਗਊ ਤਸਕਰੀ ਵਰਗੀਆਂ ਘਟਨਾਵਾਂ 'ਤੇ ਰੋਕ ਨਾ ਲਾਈ ਗਈ ਤਾਂ ਪੰਜਾਬ ਭਰ 'ਚ ਵੱਡਾ ਅੰਦੋਲਨ ਸ਼ੁਰੂ ਕੀਤਾ ਜਾਵੇਗਾ। ਇਸ ਮੌਕੇ ਬਲਜੀਤ ਸਿੰਘ ਭੁੱਲਾਰਾਈ, ਭਵਾਨੀ ਸੈਨਾ ਮੁਖੀ ਅੰਜੂ ਖੁਰਾਣਾ ਮਨੋਜ ਸ਼ਰਮਾ, ਬਲਬੀਰ ਠਾਕੁਰ, ਸਿਮਰ ਗੁਪਤਾ, ਚੰਦਰਸ਼ੇਖਰ, ਟੋਨੀ, ਸਾਹਿਲ, ਅਨੂਪ ਦੁੱਗਲ, ਰਵੀ ਸਿੱਧੂ, ਰਾਹੁਲ, ਰਾਜਕੁਮਾਰ, ਵਿਕਾਸ ਸੀਕਰੀ, ਅਰਜੁਨ ਸ਼ਰਮਾ, ਅਜੇ ਚੱਢਾ, ਸੋਨੂੰ ਹੀਰ, ਕੁਲਦੀਪ , ਸੰਜੇ, ਅਮਨ ਆਦਿ ਹਾਜ਼ਰ ਸਨ।

# ਜਾਨਵਿਕਾ ਗਾਂਧੀ ਨੇ ਹੈਲਦੀ ਬੇਬੀ ਮੁਕਾਬਲੇ ਵਿੱਚ ਪਹਿਲਾ ਇਨਾਮ ਜਿੱਤਿਆ।



ਫਗਵਾੜਾ - ( ਸੁਸ਼ੀਲ ਸ਼ਰਮਾ )ਵਾਤਾਵਰਨ ਸੰਸਥਾ ਵਲੋਂ ਕਰਵਾਏ ਗਏ ਵਾਤਾਵਰਨ ਮੇਲੇ ਵਿਚ ਬੱਚਿਆਂ ਦੇ ਵੱਖ-ਵੱਖ ਮੁਕਾਬਲੇ ਕਰਵਾਏ ਗਏ । ਇਨ੍ਹਾਂ ਮੁਕਾਬਲਿਆਂ ਵਿੱਚ ਜੇਸੀਆਈ ਈਵਜ਼ ਵੱਲੋਂ ਹੈਲਦੀ ਬੇਬੀ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ ਫਗਵਾੜਾ ਦੇ ਸਮਾਜ ਸੇਵੀ ਅਤੇ ਕ੍ਰਿਏਟਿਵ ਏਜ ਅਕੈਡਮੀ ਦੇ ਡਾਇਰੈਕਟਰ ਆਸ਼ੀਸ਼ ਗਾਂਧੀ ਅਤੇ ਦੀਕਸ਼ਾ ਗਾਂਧੀ ਦੀ ਪੁੱਤਰੀ ਜਾਨਵਿਕਾ ਗਾਂਧੀ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਮੁਕਾਬਲਾ ਜਿੱਤਿਆ। ਜਾਨਵਿਕਾ ਨੂੰ ਮੈਡਲ, ਸਰਟੀਫਿਕੇਟ ਅਤੇ ਤੋਹਫ਼ੇ ਦੇ ਕੇ ਸਨਮਾਨਿਤ ਕੀਤਾ ਗਿਆ। ਜੇਸੀਆਈ ਕਲੱਬ ਦੇ ਸਮੂਹ ਮੈਂਬਰਾਂ ਨੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਸਾਰੇ ਪ੍ਰਤੀਯੋਗੀਆਂ ਨੂੰ ਸਰਟੀਫਿਕੇਟ ਦਿੱਤੇ। ਅਸ਼ੀਸ਼ ਗਾਂਧੀ ਨੇ ਕਿਹਾ ਕਿ ਜੇਕਰ ਬੱਚਿਆਂ ਨੂੰ ਸ਼ੁਰੂ ਤੋਂ ਹੀ ਅਜਿਹੇ ਮੌਕੇ ਪ੍ਰਦਾਨ ਕੀਤੇ ਜਾਣ ਤਾਂ ਉਹ ਤਰੱਕੀ ਦੀਆਂ ਸਿਖਰਾਂ ਤੇ ਪਹੁੰਚ ਕੇ ਸਮਾਜ ਵਿੱਚ ਆਪਣਾ ਸਥਾਨ ਹਾਸਲ ਕਰ ਸਕਦੇ ਹਨ। ਦੀਕਸ਼ਾ ਗਾਂਧੀ ਨੇ ਕਿਹਾ ਕਿ ਜਾਨਵਿਕਾ ਨੂੰ ਉਸ ਦੇ ਬਚਪਨ ਵਿੱਚ ਦਿੱਤਾ ਗਿਆ ਇਹ ਪੁਰਸਕਾਰ ਉਸ ਲਈ ਪ੍ਰੇਰਨਾ ਦਾ ਵੱਡਾ ਸਰੋਤ ਹੋਵੇਗਾ।

# ਮਲੇਸ਼ੀਆ ਦੇ ਰਾਜ ਪਿਨਾਂਗ ਦੇ ਡਿਪਟੀ ਸੀਐਮ ਜਗਦੀਪ ਸਿੰਘ ਦਿਓ ਸ੍ਰੀ ਦਰਬਾਰ ਸਾਹਿਬ ਹੋਏ ਨਤਮਸਤਕ

ਫ਼ਗਵਾੜਾ (ਸੁਸ਼ੀਲ ਸ਼ਰਮਾ) ਮਲੇਸ਼ੀਆ ਦੇ ਰਾਜ ਪਿਨਾਂਗ ਦੇ ਡਿਪਟੀ ਸੀ.ਐਮ. ਜਗਦੀਪ ਸਿੰਘ ਦਿਓ ਆਪਣੀ ਪਤਨੀ ਸ਼੍ਰੀਮਤੀ ਮਿਲਿੰਦਾ,ਵੱਡੇ ਭਰਾ ਡਾ.ਕੁਲਦੀਪ ਸਿੰਘ ਦਿਓ ਅਤੇ ਨਿੱਜੀ ਸਟਾਫ ਦੇ ਨਾਲ ਅੰਮ੍ਰਿਤਸਰ ਦੇ ਦੌਰੇ ਤੇ ਆਏ। ਇਸ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇੰਜੀ.ਸੰਜੀਵ ਸ਼ਰਮਾ,ਪ੍ਰਿੰਸੀਪਲ, ਸਰਕਾਰੀ ਆਈ.ਟੀ.ਆਈ.ਰਣਜੀਤ ਐਵਿਨਿਊ ਨੇ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ।



ਗੁਰੂ ਘਰ ਪ੍ਰਤੀ ਡੂੰਘੀ ਸ਼ਰਧਾ ਕਾਰਨ, ਉਨ੍ਹਾਂ ਨੇ ਆਪਣੇ ਦੌਰੇ ਦੀ ਸ਼ੁਰੂਆਤ ਅੰਮ੍ਰਿਤਸਰ ਦੇ ਸ਼੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਣ ਨਾਲ ਕੀਤੀ। ਗੁਰਦੁਆਰਾ ਪ੍ਰੰਗਣ ਵਿੱਚ ਹੀ,ਉਨ੍ਹਾਂ ਨੇ ਆਪਣੀ ਪਤਨੀ ਨੂੰ ਰਿੰਗ ਪਾ ਕੇ ਵਾਹਿਗੁਰੂ ਦਾ ਅਸ਼ੀਰਵਾਦ ਲਿਆ। ਦਰਬਾਰ ਸਾਹਿਬ ਵਿਖੇ ਉਨ੍ਹਾਂ ਨੂੰ ਸਰੋਪਾ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਤੋਂ ਬਾਅਦ,ਸ.ਜਗਦੀਪ ਸਿੰਘ ਦਿਓ ਨੇ ਬਾਬਾ ਦੀਪ ਸਿੰਘ ਗੁਰਦੁਆਰਾ ਸ਼ਹੀਦਾਂ ਸਾਹਿਬ ਅਤੇ ਤਰਨ ਤਾਰਨ ਦੇ ਸ਼੍ਰੀ ਦਰਬਾਰ ਸਾਹਿਬ ਵਿਖੇ ਵੀ ਮੱਥਾ ਟੇਕਿਆ। ਉਹਨਾਂ ਦੋਵਾਂ ਗੁਰਦੁਆਰੇ ਸਾਹਿਬ ਵਿੱਚ ਵੀ ਉਹਨਾਂ ਨੂੰ ਸਰੋਪਾ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਤਰਨ ਤਰਨ ਸਾਹਿਬ ਵਿਖੇ ਉਹਨਾਂ ਨੇ ਪਰਿਵਾਰ ਸਿਹਤ ਲੰਗਰ ਛਕਿਆ ਾ ਆਪਣੇ ਦੌਰੇ ਦੇ ਅਖੀਰ ਚ, ਉਨ੍ਹਾਂ ਨੇ ਅਟਾਰੀ-ਵਾਘਾ ਬਾਰਡਰ ਤੇ ਰਿਟਰੀਟ ਸੈਰੇਮਨੀ ਦਾ ਦ੍ਰਿਸ਼ ਦੇਖ ਕੇ ਮਾਣ ਕੀਤਾ।

ਮਾਨਯੋਗ ਡਿਪਟੀ ਮੁੱਖ ਮੰਤਰੀ ਸ਼੍ਰੀ ਜਗਦੀਪ ਸਿੰਘ ਦਿਓ ਨੇ ਕਿਹਾ ਕਿ ਅੰਮ੍ਰਿਤਸਰ ਵਿੱਚ ਗੁਰੂ ਘਰ ਦੀ ਹਾਜਰੀ ਲਗਾ ਕੇ ਅਤੇ ਰਿਟਰੀਟ ਸੈਰੇਮਨੀ ਦੇਖ ਕੇ ਉਨ੍ਹਾਂ ਨੂੰ ਬਹੁਤ ਆਨੰਦ ਪ੍ਰਾਪਤ ਹੋਇਆ। ਉਨ੍ਹਾਂ ਦੱਸਿਆ ਕਿ ਉਹ ਜਲਦੀ ਹੀ ਮੁੜ ਆਪਣੇ ਬੱਚਿਆਂ ਦੇ ਨਾਲ ਅੰਮ੍ਰਿਤਸਰ ਆ ਕੇ ਵਾਹਿਗੁਰੂ ਕੋਲੋਂ ਅਸ਼ੀਰਵਾਦ ਲੈਣਗੇ।

# ਲਘੂ ਉਦਯੋਗ ਭਾਰਤੀ ਨੇ ਫਗਵਾੜਾ 'ਚ ਗਊਆਂ ਦੀ ਸਾਮੂਹਿਕ ਮੌਤ ਤੇ ਕੀਤਾ ਦੁੱਖ ਦਾ ਪ੍ਰਗਟਾਵਾ



ਫਗਵਾੜਾ ( ਸੁਸ਼ੀਲ ਸ਼ਰਮਾ ) ਲਘੂ ਉਦਯੋਗ ਭਾਰਤੀ ਨੇ ਫਗਵਾੜਾ ਦੇ ਮੇਹਲੀ ਗੇਟ ਇਲਾਕੇ 'ਚ ਗਊਸ਼ਾਲਾ ਦੇ ਅੰਦਰ ਦੋ ਦਰਜਨ ਤੋਂ ਵੱਧ ਗਊਆਂ ਦੀ ਮੌਤ ਨੂੰ ਲੈ ਕੇ ਦੁੱਖ ਦਾ ਪ੍ਰਗਟਾਵਾ ਅਤੇ ਘਟਨਾ ਦੀ ਸਖ਼ਤ ਨਿਖੇਧੀ ਕੀਤੀ ਹੈ। ਅੱਜ ਇੱਥੇ ਜਾਰੀ ਇਕ ਪ੍ਰੈਸ ਬਿਆਨ ਵਿਚ ਲਘੂ ਉਦਯੋਗ ਭਾਰਤੀ ਦੇ ਪ੍ਰਧਾਨ ਪੰਕਜ ਗੌਤਮ, ਅਸ਼ੋਕ ਸੇਠੀ ਮੀਤ ਪ੍ਰਧਾਨ ਪੰਜਾਬ ਅਤੇ ਹੋਰਨਾਂ ਨੇ ਕਿਹਾ ਕਿ ਇਹ ਘਟਨਾ ਬਹੁਤ ਹੀ ਮੰਦਭਾਗੀ ਹੈ। ਇਸ ਦੁਖ ਦੀ ਘੜੀ 'ਚ ਲਘੂ ਉਦਯੋਗ ਭਾਰਤੀ ਸ਼ਹਿਰ ਵਾਸੀਆਂ ਦੇ ਨਾਲ ਹੈ। ਉਹਨਾਂ ਨੇ ਪੁਲਿਸ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਸਨਾਤਨ ਸਮਾਜ ਵਿਚ ਉੱਚਾ ਤੇ ਪਵਿੱਤਰ ਦਰਜਾ ਰੱਖਦੀਆਂ ਗਊਆਂ ਦੀ ਮੌਤ ਦੇ ਕਾਰਨਾਂ ਦਾ ਪਤਾ ਲਗਾਇਆ ਜਾਵੇ। ਜੇਕਰ ਇਸ ਘਟਨਾ ਦੇ ਪਿੱਛੇ ਕੋਈ ਸਾਜਿਸ਼ ਹੈ ਅਤੇ ਕੋਈ ਸ਼ੱਕੀ ਵਿਅਕਤੀ ਸ਼ਾਮਲ ਹੈ ਤਾਂ ਉਸ ਨੂੰ ਮਿਸਾਲੀ ਸਜ਼ਾ ਦਿੱਤੀ ਜਾਵੇ ਤਾਂ ਜੋ ਅਜਿਹੀ ਹਰਕਤ ਦੁਬਾਰਾ ਨਾ ਹੋਵੇ। ਉਹਨਾਂ ਨੇ ਇਲਾਕਾ ਨਿਵਾਸੀਆਂ ਨੂੰ ਵੀ ਸ਼ਾਂਤੀ ਕਾਇਮ ਰੱਖਣ ਦੀ ਪੁਰਜੋਰ ਅਪੀਲ ਕੀਤੀ। ਇਸ ਦੌਰਾਨ ਮ੍ਰਿਤਕ ਗਊਆਂ ਦੀ ਆਤਮਿਕ ਸ਼ਾਂਤੀ ਲਈ ਪ੍ਰਾਰਥਨਾ ਵੀ ਕੀਤੀ ਗਈ। ਇਸ ਮੌਕੇ ਅਨਿਲ ਸਿੰਗਲਾ, ਇੰਦਰ ਪਾਲ ਖੁਰਾਣਾ, ਚੰਦਰ ਸ਼ੇਖਰ ਗੁਪਤਾ, ਮੁਖਿੰਦਰ ਸਿੰਘ, ਅਰਵਿੰਦ ਬੱਗਾ, ਸੁਦੇਸ਼ ਸ਼ਰਮਾ ਆਦਿ ਵੀ ਹਾਜਰ ਸਨ।

# ਪਿੰਡ ਲੱਖਪੁਰ ਵਿਖੇ ਨਹਿਰ ਦਾ ਪਾਣੀ ਓਵਰ ਫਲੋਅ ਹੋਣ ਨਾਲ ਖੇਤਾਂ 'ਚ ਆਇਆ ਹੜ

ਫਗਵਾੜਾ ( ਸੁਸ਼ੀਲ ਸ਼ਰਮਾ ) ਨਹਿਰੀ ਵਿਭਾਗ ਵਲੋਂ ਸੰਗਤਪੁਰ ਤੋਂ ਢੱਡੇ ਵਾਲੀ ਨਹਿਰ ਵਿਚ ਛੱਡੇ ਪਾਣੀ ਦੇ ਓਵਰ ਫਲੋਅ ਹੋਣ ਨਾਲ ਪਿੰਡ ਲੱਖਪੁਰ ਦੇ ਕਿਸਾਨਾਂ ਦਾ ਭਾਰੀ ਨੁਕਸਾਨ ਹੋਇਆ ਹੈ। ਮੌਕੇ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਅੱਜ ਸਵੇਰੇ ਨਹਿਰੀ ਵਿਭਾਗ ਵਲੋਂ ਉਕਤ ਨਹਿਰ 'ਚ ਪਾਣੀ ਛੱਡਿਆ ਗਿਆ ਸੀ। ਨਹਿਰ ਦੀ ਸਫਾਈ ਨਾ ਹੋਣ ਅਤੇ ਪੁਲੀਆਂ ਨੀਵੀਂਆਂ ਹੋਣ ਕਰਕੇ ਨਹਿਰ ਦਾ ਪਾਣੀ ਓਵਰ ਫਲੋਅ ਹੋ ਕੇ ਨੇੜਲੇ ਖੇਤਾਂ 'ਚ ਵੜ ਗਿਆ ਅਤੇ ਕਿਸਾਨਾਂ ਦਾ ਕਾਫੀ ਨੁਕਸਾਨ ਹੋਇਆ ਹੈ। ਪ੍ਰਭਾਵਿਤ ਕਿਸਾਨਾਂ ਜਸਕਰਨ ਸਿੰਘ, ਜਤਿੰਦਰ ਸਿੰਘ ਸਾਬਕਾ ਪੰਚ, ਸੁਰਜੀਤ ਸਿੰਘ ਅਤੇ ਪਿਆਰਾ ਸਿੰਘ ਨੇ ਦੱਸਿਆ ਕਿ ਕਰੀਬ ਪੰਦਰਾਂ ਖੇਤਾਂ 'ਚ ਬੀਜੀ ਕਣਕ ਇਸ ਪਾਣੀ ਦੀ ਮਾਰ ਨਾਲ ਖਰਾਬ ਹੋਈ ਹੈ। ਜਿਸ ਨਾਲ ਉਹਨਾਂ ਦਾ ਕਾਫੀ ਨੁਕਸਾਨ ਹੋਇਆ ਹੈ। ਉਹਨਾਂ ਗੁੱਸੇ ਨਾਲ ਦੱਸਿਆ ਕਿ ਅਜਿਹਾ ਪਹਿਲੀ ਵਾਰ ਨਹੀਂ ਬਲਕਿ ਕਈ ਵਾਰ ਹੋ ਚੁੱਕਾ ਹੈ ਲੇਕਿਨ ਸਬੰਧਤ ਵਿਭਾਗ ਨਹਿਰੀ ਪੁਲੀਆਂ ਦੀ ਹਾਲਤ ਸੁਧਾਰਨ ਦੀ ਖੇਚਲ ਨਹੀਂ ਕਰ ਰਿਹਾ। ਉਹਨਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਕਿਸਾਨਾਂ ਦੀ ਫਸਲ ਦੇ ਹੋਏ ਨੁਕਸਾਨ ਦੀ ਪੂਰਤੀ ਕੀਤੀ ਜਾਵੇ। ਕਿਉਂਕਿ ਇਹ ਘਟਨਾ ਨਹਿਰੀ ਵਿਭਾਗ ਦੀ ਅਣਗਹਿਲੀ ਕਾਰਨ ਹੋਈ ਹੈ। ਉਹਨਾਂ ਇਹ




ਵੀ ਕਿਹਾ ਕਿ ਪ੍ਰਸ਼ਾਸਨ ਨੂੰ ਚਾਹੀਦਾ ਸੀ ਕਿ ਨਹਿਰ ਵਿਚ ਪਾਣੀ ਛੱਡਣ ਤੋਂ ਪਹਿਲਾਂ ਜਾਇਜਾ ਲੈ ਕੇ ਨਹਿਰ ਦੀ ਚੰਗੀ ਤਰ੍ਹਾਂ ਸਫਾਈ ਕਰਵਾਈ ਜਾਵੇ ਅਤੇ ਪੁਰਾਣੇ ਸਮੇਂ ਦੀਆਂ ਬਣੀਆਂ ਪੁੱਲੀਆਂ ਦਾ ਉੱਚੀਆਂ ਕਰਕੇ ਨਵੀਨੀਕਰਣ ਕੀਤਾ ਜਾਵੇ। ਉਹਨਾਂ ਆਮ ਲੋਕਾਂ ਨੂੰ ਵੀ ਪੁਰਜੋਰ ਅਪੀਲ ਕੀਤੀ ਕਿ ਨਹਿਰਾਂ ਵਿਚ ਗੰਦਗੀ ਨਾ ਸੁੱਟੀ ਜਾਵੇ। ਇਸ ਮੌਕੇ ਇੰਦਰਜੀਤ ਸਿੰਘ ਪੰਚ ਲੱਖਪੁਰ, ਪਰਮਿੰਦਰ ਸਿੰਘ, ਦਵਿੰਦਰ ਸਿੰਘ, ਸੁੱਖਾ ਚੱਕ ਪ੍ਰੇਮਾ, ਮੋਹਨ ਸਿੰਘ, ਕੁਲਵੀਰ ਸਿੰਘ, ਪਿਆਰਾ ਸਿੰਘ, ਹਰਜਿੰਦਰ ਸਿੰਘ ਆਦਿ ਹਾਜਰ ਸਨ।

# ਨਗਰ ਨਿਗਮ/ਨਗਰ ਕੌਂਸਲ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਲਈ ਜਿਲ੍ਹੇ ਵਿੱਚ ਬਣੇ 735 ਬੂਥ-ਡਿਪਟੀ ਕਮਿਸ਼ਨਰ

ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਬੀਤੇ ਕੱਲ੍ਹ ਰਾਜ ਦੀਆਂ ਪੰਜ ਨਗਰ ਨਿਗਮਾਂ ਅੰਮ੍ਰਿਤਸਰ, ਜਲੰਧਰ, ਫਗਵਾੜਾ,ਲੁਧਿਆਣਾ ਤੇ ਪਟਿਆਲਾ ਅਤੇ 44 ਮਿਉਂਸਿਪਲ ਕਮੇਟੀਆਂ, ਨਗਰ ਪੰਚਾਇਤਾਂ ਦੀਆਂ ਅਤੇ ਕੁਝ ਨਗਰ ਨਿਗਮਾਂ ਤੇ ਨਗਰ ਕੌਂਸਲਾਂ ਦੀਆਂ ਉਪ ਚੋਣਾਂ ਦਾ ਐਲਾਨ ਕਰ ਦਿੱਤਾ ਗਿਆ ਹੈ। ਇਨ੍ਹਾਂ ਚੋਣਾਂ ਦੌਰਾਨ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਨਗਰ ਨਿਗਮ ਦੇ 85 ਵਾਰਡਾਂ ਅਤੇ 30 ਨਗਰ ਕੌਂਸਲ ਅਤੇ ਨਗਰ ਪੰਚਾਇਤ ਵਿੱਚ ਚੋਣ ਕਰਵਾਈ ਜਾਵੇਗੀ।




ਡਿਪਟੀ ਕਮਿਸ਼ਨਰ ਮੈਡਮ ਸਾਕਸ਼ੀ ਸਾਹਨੀ ਨੇ ਵੱਖ ਵੱਖ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਦੱਸਿਆ ਕਿ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਐਲਾਨੇ ਗਏ ਚੋਣ ਪ੍ਰੋਗਰਾਮ ਅਨੁਸਾਰ ਨਾਮਜ਼ਦਗੀਆਂ 9 ਦਸੰਬਰ 2024 ਤੋਂ 12 ਦਸੰਬਰ 2024 (ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ) ਸਬੰਧਿਤ ਰਿਟਰਨਿੰਗ ਅਫ਼ਸਰਾਂ ਦੇ ਦਫ਼ਤਰਾਂ ਵਿੱਚ ਭਰੀਆਂ ਜਾ ਸਕਦੀਆਂ ਹਨ। ਇਸ ਤੋਂ ਇਲਾਵਾ ਕਮਿਸ਼ਨ ਨੇ ਪੜਤਾਲ ਲਈ 13 ਦਸੰਬਰ 2024 ਅਤੇ ਉਮੀਦਵਾਰੀ ਵਾਪਸ ਲੈਣ ਦੀ ਆਖ਼ਰੀ ਮਿਤੀ 14 ਦਸੰਬਰ 2024 (ਦੁਪਹਿਰ 3 ਵਜੇ ਤੱਕ) ਨਿਰਧਾਰਿਤ ਕੀਤੀ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਵੋਟਾਂ 21.12.2024 ਨੂੰ ਸਵੇਰੇ 7.00 ਵਜੇ ਤੋਂ ਸ਼ਾਮ 04.00 ਵਜੇ ਤੱਕ ਈ.ਵੀ.ਐਮਜ਼.ਜ਼ਰੀਏ ਪੈਣਗੀਆਂ। ਵੋਟਿੰਗ ਪ੍ਰਕਿਰਿਆ ਮੁਕੰਮਲ ਹੋਣ ਤੋਂ ਬਾਅਦ ਵੋਟਾਂ ਦੀ ਗਿਣਤੀ ਉਸੇ ਦਿਨ ਪੋਲਿੰਗ ਸਟੇਸ਼ਨ ਤੇ ਹੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਨਗਰ ਨਿਗਮ ਅੰਮ੍ਰਿਤਸਰ ਦੇ 85 ਵਾਰਡਾਂ ਲਈ ਕੁੱਲ 704 ਬੂਥ, ਨਗਰ ਪੰਚਾਇਤ ਰਾਜਾਸਾਂਸੀ ਦੇ 13 ਵਾਰਡਾਂ ਲਈ 14 ਬੂਥ, ਨਗਰ ਪੰਚਾਇਤ ਬਾਬਾ ਬਕਾਲਾ ਦੇ 13 ਵਾਰਡਾਂ ਲਈ 13 ਬੂਥ,ਨਗਰ ਪੰਚਾਇਤ ਅਜਨਾਲਾ ਦੇ 2 ਵਾਰਡ (5 ਅਤੇ 7) ਲਈ 2 ਬੂਥ,ਨਗਰ ਪੰਚਾਇਤ ਮਜੀਠਾ ਦੇ ਵਾਰਡ ਨੰਬਰ 4 ਲਈ ਇਕ ਬੂਥ ਅਤੇ ਨਗਰ ਪੰਚਾਇਤ ਰਈਆ ਦੇ ਵਾਰਡ ਨੰ: 13 ਲਈ ਇਕ ਬੂਥ ਬਣਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਨਾਮਜਦਗੀ ਦੇ ਪਹਿਲੇ ਦਿਨ ਕੋਈ ਵੀ ਨਾਮਜਦਗੀ ਪ੍ਰਾਪਤ ਨਹੀਂ ਹੋਈ।

ਡਿਪਟੀ ਕਮਿਸ਼ਨਰ ਨੇ ਮੀਟਿੰਗ ਦੌਰਾਨ ਸਮੂਹ ਰਿਟਰਨਿੰਗ ਅਫਸਰਾਂ ਨੂੰ ਕਿਹਾ ਕਿ ਉਹ ਆਪੋ ਆਪਣੇ ਅਧੀਨ ਪੈਂਦੇ ਵਾਰਡਾਂ ਨਾਲ ਸਬੰਧਤ ਪੁਲਿਸ ਅਧਿਕਾਰੀਆਂ ਨਾਲ ਤਾਲਮੇਲ ਰੱਖਣ ਤਾਂ ਜੋ ਵਧੇਰੇ ਲੋੜ ਪੈਣ ਤੇ ਪੁਲਿਸ ਦੀ ਨਫਰੀ ਵਧਾਈ ਜਾ ਸਕੇ। ਉਨ੍ਹਾ ਅੱਗੇ ਦੱਸਿਆ ਕਿ ਨਾਮਜ਼ਦਗੀ ਫਾਰਮ, ਹਲਫ਼ੀਆ ਬਿਆਨ ਅਤੇ ਸਪਾਂਸਰਸ਼ਿਪ ਫਾਰਮ ਕਮਿਸ਼ਨ ਦੀ ਵੈੱਬਸਾਈਟ (https://sec.punjab.gov.in) ਤੋਂ ਡਾਊਨਲੋਡ ਕੀਤੇ ਜਾ ਸਕਦੇ ਹਨ ਅਤੇ ਸਬੰਧਿਤ ਰਿਟਰਨਿੰਗ ਅਫ਼ਸਰ ਦੇ ਦਫ਼ਤਰ ਵਿੱਚ ਵੀ ਉਪਲਬਧ ਹਨ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਗੁਰਸਿਮਰਨ ਸਿੰਘ,ਵਧੀਕ ਡਿਪਟੀ ਕਮਿਸ਼ਨਰ ਪਰਮਜੀਤ ਕੌਰ,ਸਹਾਇਕ ਕਮਿਸ਼ਨਰ ਮੈਡਮ ਸੋਨਮ,ਐਸ.ਡੀ.ਐਮ.ਮਨਕੰਵਲ ਸਿੰਘ ਚਾਹਲ,ਸਹਾਇਕ ਕਮਿਸ਼ਨਰ ਜਨਰਲ ਗੁਰਸਿਮਰਨਜੀਤ ਕੌਰ, ਸਕੱਤਰ ਆਰ.ਟੀ.ਏ.ਖ਼ੁਸ਼ਦਿਲ ਸਿੰਘ,ਜਿਲ੍ਹਾ ਮਾਲ ਅਫਸਰ ਨਵਕੀਰਤ ਸਿੰਘ,ਜਿਲ੍ਹਾ ਪੰਚਾਇਤ ਤੇ ਵਿਕਾਸ ਅਫਸਰ ਸੰਦੀਪ ਮਲਹੋਤਰਾ,ਏ.ਡੀ.ਸੀ.ਪੀ.ਹਰਕੋਮਲ ਕੌਰ,ਏ.ਸੀ.ਪੀ.ਈਸਟ ਵਨੀਤ ਐਹਲਾਵਤ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜਰ ਸਨ।

# ਫਗਵਾੜਾ 'ਚ ਗਊਆਂ ਦੀ ਮੌਤ ਦੇ ਕਾਰਨਾਂ ਦੀ ਹੋਵੇਗੀ ਨਿਰਪੱਖ ਜਾਂਚ : ਹਰਜੀ ਮਾਨ




ਫਗਵਾੜਾ ( ਸੁਸ਼ੀਲ ਸ਼ਰਮਾ ) ਫਗਵਾੜਾ ਦੀ ਇਕ ਗਉਸ਼ਾਲਾ ਵਿੱਚ ਬੀਤੀ ਰਾਤ ਰਹੱਸਮਈ ਕਾਰਨਾਂ ਨਾਲ ਦੋ ਦਰਜਨ ਤੋਂ ਵੱਧ ਗਊਆਂ ਦੀ ਹੋਈ ਮੌਤ ਦੇ ਕਾਰਨਾਂ ਦੀ ਨਿਰਪੱਖ ਜਾਂਚ ਕਰਵਾਈ ਜਾਵੇਗੀ। ਜੇਕਰ ਇਸ ਘਟਨਾ ਦੇ ਪਿੱਛੇ ਕਿਸੇ ਵੀ ਤਰ੍ਹਾਂ ਦੀ ਕੋਈ ਸਾਜਿਸ਼ ਸਾਹਮਣੇ ਆਈ ਤਾਂ ਦੋਸ਼ੀਆਂ ਨੂੰ ਬਿਲਕੁਲ ਵੀ ਬਖਸ਼ਿਆ ਨਹੀਂ ਜਾਵੇਗਾ। ਇਹ ਭਰੋਸਾ ਆਮ ਆਦਮੀ ਪਾਰਟੀ ਪੰਜਾਬ ਦੇ ਬੁਲਾਰੇ ਹਰਨੂਰ ਸਿੰਘ ਹਰਜੀ ਮਾਨ ਨੇ ਅੱਜ ਇੱਥੇ ਗੱਲਬਾਤ ਦੌਰਾਨ ਦਿੱਤਾ ਹੈ। ਉਨ੍ਹਾਂ ਜਿੱਥੇ ਵੱਖ-ਵੱਖ ਜਥੇਬੰਦੀਆਂ ਵੱਲੋਂ ਸ਼ਾਂਤਮਈ ਪ੍ਰਦਰਸ਼ਨ ਅਤੇ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਵਿੱਚ ਪੁਲਿਸ ਤੇ ਪ੍ਰਸ਼ਾਸਨ ਨੂੰ ਦਿੱਤੇ ਗਏ ਸਹਿਯੋਗ ਲਈ ਧੰਨਵਾਦ ਪ੍ਰਗਟ ਕੀਤਾ, ਉੱਥੇ ਹੀ ਕਿਹਾ ਕਿ ਇਸ ਦਰਦਨਾਕ ਘਟਨਾ ਪਿੱਛੇ ਫਗਵਾੜਾ ਦੀ ਸ਼ਾਂਤੀ ਭੰਗ ਕਰਨ ਦੀ ਕੋਈ ਵੱਡੀ ਸਾਜ਼ਿਸ਼ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਪਰ ਸਾਰੀ ਸੱਚਾਈ ਦਾ ਪਤਾ ਜਾਂਚ ਤੋਂ ਬਾਅਦ ਹੀ ਲੱਗੇਗਾ। ਜੇਕਰ ਕੋਈ ਸਾਜਿਸ਼ ਹੋਈ ਤਾਂ ਅਜਿਹੀ ਕੋਝੀ ਹਰਕਤ ਕਰਨ ਵਾਲਿਆਂ ਨੂੰ ਸੂਬੇ ਦੀ ਭਗਵੰਤ ਮਾਨ ਸਰਕਾਰ ਕਦੇ ਮੁਆਫ ਨਹੀਂ ਕਰੇਗੀ। ਜਿਸਨੇ ਵੀ ਗਊ ਹੱਤਿਆ ਦਾ ਗੰਭੀਰ ਅਪਰਾਧ ਕੀਤਾ ਹੈ, ਉਸ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਯਕੀਨੀ ਬਣਾਈ ਜਾਵੇਗੀ। ਹਰਜੀ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਇਸ ਘਟਨਾ ਨੂੰ ਬਹੁਤ ਗੰਭੀਰਤਾ ਨਾਲ ਲਿਆ ਹੈ ਅਤੇ ਪੁਲਿਸ ਦੇ ਉੱਚ ਅਧਿਕਾਰੀ ਇਸ ਘਟਨਾ ਦੀ ਬਾਰੀਕੀ ਨਾਲ ਜਾਂਚ ਕਰ ਰਹੇ ਹਨ।

# ਫਗਵਾੜਾ ਵਿਖੇ ਦੋ ਦਿਨਾਂ ਵਾਤਾਵਰਨ ਮੇਲਾ ਸੰਪੰਨ- ਵੱਡੀ ਗਿਣਤੀ ਵਿੱਚ ਸ਼ਾਮਲ ਹੋਏ ਲੋਕ

ਫਗਵਾੜਾ, ( ਸੁਸ਼ੀਲ ਸ਼ਰਮਾ ) ਫਗਵਾੜਾ ਇਨਵਾਇਰਮੈਂਟ ਐਸੋਸੀਏਸ਼ਨ ਅਤੇ ਨਗਰ ਨਿਗਮ ਫਗਵਾੜਾ ਵਲੋਂ ਸਵੱਛ ਭਾਰਤ ਮਿਸ਼ਨ ਨੂੰ ਸਮਰਪਿਤ 39ਵਾਂ ਵਾਤਾਵਰਨ ਮੇਲਾ 7 ਅਤੇ 8 ਦਸੰਬਰ 2024 ਨੂੰ ਕਰਵਾਇਆ ਗਿਆ, ਜਿਸ ਵਿੱਚ ਜੇਸੀਜ਼, ਰੋਟਰੀ ਕਲੱਬ, ਲਾਇਨਜ਼ ਕਲੱਬ, ਅਲਾਇਨਜ਼ ਇਨਰਵੀਲ ਕਲੱਬ ਅਤੇ ਫਗਵਾੜਾ ਦੀਆਂ ਸਮੂਹ ਸਮਾਜਿਕ ਜੱਥੇਬੰਦੀਆਂ ਨੇ ਹਿੱਸਾ ਲਿਆ। ਇਸ ਮੇਲੇ ਲਈ ਵਿਪਨ ਚੌਸਰ ਪਰਿਵਾਰ ਨੇ ਵਿਸ਼ੇਸ਼ ਸਹਿਯੋਗ ਦਿੱਤਾ।



ਵਾਤਵਰਨ ਮੇਲੇ ਸਬੰਧੀ ਜਾਣਕਾਰੀ ਦਿੰਦਿਆਂ ਮਲਕੀਅਤ ਸਿੰਘ ਰਗਬੋਤਰ ਜਰਨਲ ਸਕੱਤਰ ਫਗਵਾੜਾ ਇਨਵਾਇਰਮੈਂਟ ਐਸੋਸੀਏਸ਼ਨ ਨੇ ਦੱਸਿਆ ਕਿ 5 ਦਸੰਬਰ ਨੂੰ ਆਰੀਆ ਮਾਡਲ ਸੀਨੀਅਰ ਸੈਕੰਡਰੀ ਸਕੂਲ ਤੋਂ ਭਾਰਤ ਵਿਕਾਸ ਪ੍ਰੀਸ਼ਦ ਦੀ ਸਹਾਇਤਾ ਨਾਲ ਵਾਤਾਵਰਨ ਮਾਰਚ ਕੱਢਿਆ ਗਿਆ, ਜੋ ਫਗਵਾੜਾ ਦੇ ਵੱਖੋ-ਵੱਖਰੇ ਬਜ਼ਾਰਾਂ ਵਿੱਚ ਗਿਆ, ਜਿਸ ਵਿੱਚ ਵੱਖੋ-ਵੱਖਰੇ ਸਕੂਲਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਸਮੇਂ ਪੌਦੇ ਅਤੇ ਵਾਤਾਵਰਨ ਜਾਗਰੂਕਤਾ ਲੈਟਰੇਚਰ ਵੰਡਿਆ ਗਿਆ।

7 ਦਸੰਬਰ ਨੂੰ ਵਾਤਾਵਰਨ ਮੇਲੇ ਦਾ ਉਦਘਾਟਨ ਸ਼ਮਾ ਰੋਸ਼ਨ ਕਰਕੇ ਨਵਨੀਤ ਕੌਰ ਬੱਲ ਕਮਿਸ਼ਨਰ ਨਗਰ ਫਗਵਾੜਾ ਅਤੇ ਏਡੀਸੀ ਕਪੂਰਥਲਾ ਨੇ ਕੀਤਾ। ਇਸ ਸਮੇਂ ਵਿਸ਼ੇਸ਼ ਤੌਰ ਤੇ ਮਲਕੀਅਤ ਸਿੰਘ ਰਗਬੋਤਰਾ, ਸਾਬਕਾ ਪ੍ਰਧਾਨ ਮਿਊਂਸਪਲ ਕੌਂਸਲ ਫਗਵਾੜਾ ਭਵਦੀਪ ਸਰਦਾਨਾ ਸੁਖਜੀਤ ਸਟਾਰਚ ਐਂਡ ਕੈਮੀਕਲ ਲਿਮਿਟਡ ਅਤੇ ਸ਼ਹਿਰੀਆਂ ਨੇ ਸ਼ਿਰਕਤ ਕੀਤੀ। ਇਸ ਸਮੇਂ ਬੋਲਦਿਆਂ ਕਮਿਸ਼ਨਰ ਬੱਲ ਨੇ ਕਿਹਾ ਕਿ ਫਗਵਾੜਾ ਨੂੰ ਸੁੰਦਰ ਸਵੱਛ ਅਤੇ ਹਰਿਆ-ਭਰਿਆ ਬਨਾਉਣਾ ਹਰੇਕ ਨਾਗਰਿਕ ਦਾ ਫ਼ਰਜ਼ ਹੈ ਅਤੇ ਆਪਣੀਆਂ ਅਗਲੀਆਂ ਪੀੜ੍ਹੀਆਂ ਦੇ ਰੌਸ਼ਨ ਭਵਿੱਖ ਲਈ ਸਾਨੂੰ ਸਭਨਾ ਨੂੰ ਚੰਗਾ ਵਾਤਾਵਰਨ ਸਿਰਜਨਾ ਚਾਹੀਦਾ ਹੈ। ਇਸ ਸਮੇਂ ਉਹਨਾ ਨੇ ਫਗਵਾੜਾ ਇਨਵਾਇਰਮੈਂਟ ਐਸੋਸੀਏਸ਼ਨ ਵਲੋਂ ਜਾਰੀ ਤ੍ਰੈ-ਮਾਸਿਕ ਪੱਤਰ ਇਨਵਾਇਰਮੈਂਟ ਕਲਿਪਿੰਗਜ਼ ਵੀ ਜਾਰੀ ਕੀਤਾ।

7 ਅਤੇ 8 ਦਸੰਬਰ ਨੂੰ ਡਾ: ਅੰਬੇਦਕਰ ਐਡੋਟੋਰੀਅਮ ਵਿਖੇ ਸਾਇੰਸ ਮਾਡਲ, ਮੌਕੇ ਤੇ ਪੈਂਟਿੰਗ, ਫਲਦਾਰ ਬੂਟੇ ਲਾਉਣ, ਫੈਂਸੀ ਡਰੈਸ ਮੁਕਾਬਲੇ, ਲੋਕ ਗੀਤ ਗਾਇਕੀ ਮੁਕਾਬਲੇ, ਲੋਕ ਡਾਂਸ, ਪਤੰਗਬਾਜੀ ਮੁਲਾਬਲੇ, ਹੈਲਦੀ ਬੇਬੀ ਮੁਕਾਬਲਾ, ਫੁੱਲ ਸਜਾਵਟ ਮੁਕਾਬਲਾ ਅਤੇ ਬਾਡੀ ਬਿਲਡਿੰਗ ਮੁਕਾਬਲੇ ਕਰਵਾਏ ਗਏ। ਜਿਨ੍ਹਾਂ ਦਾ ਆਯੋਜਿਨ, ਭਾਰਤ ਵਿਕਾਸ ਪ੍ਰੀਸ਼ਦ, ਅਲਾਇਨਜ਼ ਕਲੱਬ ਰੋਇਲ, ਲਾਇਨਜ਼ ਕਲੱਬ ਫਗਵਾੜਾ ਰੋਇਲ, ਰੋਟਰੀ ਕਲੱਬ ਸਾਊਥ ਈਸਟ, ਸਿਟੀ ਜੇਸੀਜ਼, ਲਾਇਨਜ਼ ਕਲੱਬ ਵਿਸ਼ਵਾਸ, ਲਾਇਨਜ਼ ਕਲੱਬ ਸਰਵਿਸ, ਲਾਇਨਜ਼ ਕਲੱਬ ਡਾਇਮੰਡ, ਡੀਵਾਇਨ ਐਨਜਲ ਵੈਲਫੇਅਰ ਸੁਸਾਇਟੀ, ਇਨਰਵੀਲ ਕਲੱਬ, ਰੋਟਰੀ ਜਿੰਮਜ਼, ਅਲਾਇਨਜ਼ ਲੇਡੀ ਟੀਚਰਜ਼ ਕਲੱਬ, ਰੋਟਰੀ ਸੈਂਟਰਲ, ਜੇਸੀਜ ਈਵ, ਯੂਥ ਵਾਇਸ ਫਾਊਂਡੇਸ਼ਨ, ਰੋਟਰੀ ਮਿਡ ਟਾਊਨ, ਸ਼ਾਲਿਨੀ ਗਰੁੱਪ ਨੇ ਕਰਵਾਇਆ। ਮੇਲੇ ਦੇ ਦੋਵੇਂ ਦਿਨ ਵੱਖੋ-ਵੱਖਰੇ ਵਿਭਾਗਾਂ ਅਤ ਕਾਰੋਬਾਰੀਆਂ ਵਲੋਂ ਪ੍ਰਦਰਸ਼ਨੀ ਲਗਾਈ ਗਈ। ਵਣ-ਵਿਭਾਗ ਪੰਜਾਬ ਵਲੋਂ ਪੌਦੇ ਵੰਡੇ ਗਏ। ਪੰਜਾਬੀ ਦੇ ਲੇਖਕਾਂ ਵਲੋਂ ਪੁਸਤਕਾਂ ਦੀ ਨੁਮਾਇਸ਼ ਵਿਸ਼ੇਸ਼ ਆਕਰਸ਼ਨ ਦਾ ਵਿਸ਼ਾ ਰਹੀ। ਵੱਖੋ-ਵੱਖਰੀਆਂ ਵਿਦਿਅਕ ਸੰਸਥਾਵਾਂ ਵਲੋਂ ਆਪਣੇ ਸਟਾਲ ਲਗਾਏ ਗਏ। ਮੇਲੇ ਵਿੱਚ ਲਗਾਈ ਸਾਇੰਸ ਪ੍ਰਦਰਸ਼ਨੀ ਖ਼ਾਸ ਅਕਰਸ਼ਨ ਬਣੀ।

ਪ੍ਰੋਗਰਾਮ ਦੇ ਅੰਤ ਵਿੱਚ ਫਗਵਾੜਾ ਇਨਵਾਇਰਮੈਂਟ ਐਸੋਸੀਏਸ਼ਨ ਅਤੇ ਨਗਰ ਨਿਗਮ ਵਲੋਂ ਇਹਨਾ ਸਾਰੀਆਂ ਅਤੇ ਸਮਾਜਿਕ ਸੰਸਥਾਵਾਂ ਅਤੇ ਸਮਾਜ ਸੇਵਕਾਂ ਨੂੰ ਮੋਮੈਂਟੋ ਆਦਿ ਦੇ ਕੇ ਸਨਮਾਨਿਤ ਕੀਤਾ ਗਿਆ। ਵਾਤਾਵਰਨ ਮੇਲੇ ਵਿੱਚ ਵੱਖੋ-ਵੱਖਰੀਆਂ ਸੰਸਥਾਵਾਂ ਦੇ ਪ੍ਰਧਾਨਾਂ ਸਮੇਤ ਰਮਨ ਚੌਸਰ, ਜਸਪ੍ਰੀਤ ਸਿੰਘ ਬੰਸਲ ਮੇਲਾ ਪ੍ਰੋਜੈਕਟ ਡਾਇਰੈਕਟਰ, ਕ੍ਰਿਸ਼ਨ ਕੁਮਾਰ, ਪ੍ਰਿੰ: ਗੁਰਮੀਤ ਸਿੰਘ ਪਲਾਹੀ, ਪ੍ਰਦੀਪ ਧੀਮਾਨ ਆਦਿ ਵੱਡੀ ਗਿਣਤੀ ਚ ਸ਼ਹਿਰੀ ਹਾਜ਼ਰ ਹੋਏ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਨਗਰ ਨਿਗਮ ਬਟਾਲਾ ਦੇ ਵਾਰਡ ਨੰਬਰ 24 ਅਤੇ ਨਗਰ ਕੌਂਸਲ ਗੁਰਦਾਸਪੁਰ ਦੇ ਵਾਰਡ ਨੰਬਰ 16 ਵਿੱਚ ਹੋਵੇਗੀ ਉਪ ਚੋਣ

ਗੁਰਦਾਸਪੁਰ-ਨਵਨੀਤ ਕੁਮਾਰ -
ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਬੀਤੇ ਕੱਲ੍ਹ ਰਾਜ ਦੀਆਂ ਪੰਜ ਨਗਰ ਨਿਗਮਾਂ ਅੰਮ੍ਰਿਤਸਰ, ਜਲੰਧਰ, ਫਗਵਾੜਾ, ਲੁਧਿਆਣਾ ਤੇ ਪਟਿਆਲਾ ਅਤੇ 44 ਮਿਉਂਸਿਪਲ ਕਮੇਟੀਆਂ, ਨਗਰ ਪੰਚਾਇਤਾਂ ਦੀਆਂ ਅਤੇ ਕੁਝ ਨਗਰ ਨਿਗਮਾਂ ਤੇ ਨਗਰ ਕੌਂਸਲਾਂ ਦੀਆਂ ਉਪ ਚੋਣਾਂ ਦਾ ਐਲਾਨ ਕਰ ਦਿੱਤਾ ਗਿਆ ਹੈ। ਇਨ੍ਹਾਂ ਚੋਣਾਂ ਦੌਰਾਨ ਜ਼ਿਲ੍ਹਾ ਗੁਰਦਾਸਪੁਰ ਅਧੀਨ ਆਉਂਦੀ ਨਗਰ ਕੌਂਸਲ ਗੁਰਦਾਸਪੁਰ ਦੇ ਵਾਰਡ ਨੰਬਰ 16 ਅਤੇ ਨਗਰ ਨਿਗਮ ਬਟਾਲਾ ਦੇ ਵਾਰਡ ਨੰਬਰ 24 ਵਿਚ ਉਪ ਚੋਣ ਕਰਵਾਈ ਜਾਣੀ ਹੈ।

ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਐਲਾਨੇ ਗਏ ਚੋਣ ਪ੍ਰੋਗਰਾਮ ਅਨੁਸਾਰ ਨਾਮਜ਼ਦਗੀਆਂ 9 ਦਸੰਬਰ 2024 ਤੋਂ 12 ਦਸੰਬਰ 2024 (ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ) ਸਬੰਧਿਤ ਰਿਟਰਨਿੰਗ ਅਫ਼ਸਰਾਂ ਦੇ ਦਫ਼ਤਰਾਂ ਵਿੱਚ ਭਰੀਆਂ ਜਾ ਸਕਦੀਆਂ ਹਨ। ਇਸ ਤੋਂ ਇਲਾਵਾ ਕਮਿਸ਼ਨ ਨੇ ਪੜਤਾਲ ਲਈ 13 ਦਸੰਬਰ 2024 ਅਤੇ ਉਮੀਦਵਾਰੀ ਵਾਪਸ ਲੈਣ ਦੀ ਆਖ਼ਰੀ ਮਿਤੀ 14 ਦਸੰਬਰ 2024 (ਦੁਪਹਿਰ 3 ਵਜੇ ਤੱਕ) ਨਿਰਧਾਰਿਤ ਕੀਤੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਵੋਟਾਂ 21.12.2024 ਨੂੰ ਸਵੇਰੇ 7.00 ਵਜੇ ਤੋਂ ਸ਼ਾਮ 04.00 ਵਜੇ ਤੱਕ ਈ.ਵੀ.ਐਮਜ਼. ਜ਼ਰੀਏ ਪੈਣਗੀਆਂ। ਵੋਟਿੰਗ ਪ੍ਰਕਿਰਿਆ ਮੁਕੰਮਲ ਹੋਣ ਤੋਂ ਬਾਅਦ ਵੋਟਾਂ ਦੀ ਗਿਣਤੀ ਉਸੇ ਦਿਨ ਪੋਲਿੰਗ ਸਟੇਸ਼ਨ ਤੇ ਹੀ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਕੋਈ ਵੀ ਉਮੀਦਵਾਰ ਜੋ ਇਨ੍ਹਾਂ ਦੋ ਉਪ ਚੋਣਾਂ ਲਈ ਉਮੀਦਵਾਰ ਵਜੋਂ ਨਾਮਜ਼ਦਗੀ ਪੱਤਰ ਦਾਖਲ ਕਰਨਾ ਚਾਹੁੰਦਾ ਹੈ ਤਾਂ ਉਸ ਨੂੰ ਫਾਰਮ 20 ਵਿੱਚ ਨਾਮਜ਼ਦਗੀ ਪੱਤਰ ਅਤੇ ਹਲਫ਼ੀਆ ਬਿਆਨ (ਅਨੁਸੂਚੀ-99), ਮੁਕੰਮਲ ਜਾਣਕਾਰੀ ਸਮੇਤ, ਚੱਲ ਅਤੇ ਅਚੱਲ ਜਾਇਦਾਦ ਦੇ ਵੇਰਵੇ, ਅਦਾਲਤਾਂ ਵਿੱਚ ਲੰਬਿਤ ਕੇਸਾਂ ਦੇ ਵੇਰਵੇ (ਜੇ ਕੋਈ ਹੈ), ਵਿੱਦਿਅਕ ਯੋਗਤਾ, ਜਾਇਦਾਦ ਅਤੇ ਦੇਣਦਾਰੀਆਂ ਦੇ ਵੇਰਵੇ, ਓਥ ਕਮਿਸ਼ਨਰ ਪਹਿਲੇ ਦਰਜੇ ਦੇ ਕਾਰਜਕਾਰੀ ਮੈਜਿਸਟ੍ਰੇਟ ਜਾਂ ਨੋਟਰੀ ਪਬਲਿਕ ਤੋਂ ਪ੍ਰਮਾਣਿਤ ਅਤੇ ਐੱਸ.ਸੀ./ਬੀ.ਸੀ. ਸਰਟੀਫਿਕੇਟ (ਜੇ ਲਾਗੂ ਹੋਵੇ), ਇਸ ਤੋਂ ਇਲਾਵਾ ਜੇਕਰ ਪਾਰਟੀ ਟਿਕਟ ਤੇ ਨਾਮਜ਼ਦ ਕੀਤਾ ਗਿਆ ਹੈ ਤਾਂ ਸਿਆਸੀ ਪਾਰਟੀ ਦੇ ਅਧਿਕਾਰਤ ਹਸਤਾਖਰ-ਕਰਤਾ ਦੁਆਰਾ ਸਪਾਂਸਰਸ਼ਿਪ ਦਾ ਫਾਰਮ ਭਰਕੇ ਆਖ਼ਰੀ ਮਿਤੀ ਨੂੰ ਜਾਂ ਇਸ ਤੋਂ ਪਹਿਲਾਂ ਸਬੰਧਿਤ ਰਿਟਰਨਿੰਗ ਅਫ਼ਸਰ ਕੋਲ ਜਮਾਂ ਕਰਵਾਉਣਾ ਹੋਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਨਾਮਜ਼ਦਗੀ ਫਾਰਮ, ਹਲਫ਼ੀਆ ਬਿਆਨ ਅਤੇ ਸਪਾਂਸਰਸ਼ਿਪ ਫਾਰਮ ਕਮਿਸ਼ਨ ਦੀ ਵੈੱਬਸਾਈਟ (https://sec.punjab.gov.in) ਤੋਂ ਡਾਊਨਲੋਡ ਕੀਤੇ ਜਾ ਸਕਦੇ ਹਨ ਅਤੇ ਸਬੰਧਿਤ ਰਿਟਰਨਿੰਗ ਅਫ਼ਸਰ ਦੇ ਦਫ਼ਤਰ ਵਿੱਚ ਵੀ ਉਪਲਬਧ ਹਨ।



ਰੋਜ਼ਾਨਾ ਲੋਕ ਬਾਣੀ www.lokbani

# ਮਾਂ ਜਗਦੰਬੇ ਧਾਰਮਿਕ ਕਮੇਟੀ ਦੀ ਤਰਫੋਂ 25ਵਾਂ ਵਿਸ਼ਾਲ ਜਾਗਰਣ ਸ਼ਰਧਾ ਭਾਵਨਾ ਨਾਲ ਸੰਪਨ ਹੋਇਆ।



ਰੋਜ਼ਾਨਾ ਲੋਕ ਬਾਣੀ www.lokbani

ਫਗਵਾੜਾ - ( ਸੁਸ਼ੀਲ ਸ਼ਰਮਾ )
ਮਾਂ ਜਗਦੰਬੇ ਧਾਰਮਿਕ ਕਮੇਟੀ ਵੱਲੋਂ ਮੇਹਲੀ ਗੇਟ ਨਿਗਾਹਾ ਮੁਹੱਲਾ ਵਿਖੇ 25ਵਾਂ ਵਿਸ਼ਾਲ ਜਾਗਰਣ ਕਰਵਾਇਆ ਗਿਆ । ਜਿਸ ਵਿੱਚ ਫਗਵਾੜਾ ਦੇ ਮਹੰਤ ਨਰਿੰਦਰ ਕੁਮਾਰ ਵੱਲੋਂ ਗਣੇਸ਼ ਵੰਦਨਾ ਨਾਲ ਜਾਗਰਣ ਦੀ ਸ਼ੁਰੂਆਤ ਕੀਤੀ ਗਈ। ਇਸ ਦੇ ਨਾਲ ਹੀ ਜਸਬੀਰ ਮਾਹੀ ਫਗਵਾੜਾ ਅਤੇ ਮਾਹੀ ਨਈਅਰ ਦਿੱਲੀ ਵੱਲੋਂ ਮਾਂ ਭਗਵਤੀ ਦਾ ਗੁਣਗਾਨ ਕੀਤਾ ਗਿਆ। ਜੋਤੀ ਪੂਜਾ ਦੀ ਰਸਮ ਪ. ਕੇਵਲ ਕ੍ਰਿਸ਼ਨ ਕੌਸ਼ਲ ਅਤੇ ਉਨ੍ਹਾਂ ਦੀ ਪਤਨੀ ਸ੍ਰੀਮਤੀ ਸੰਤੋਸ਼ ਕੌਸ਼ਲ ਵੱਲੋਂ ਕੀਤੀ ਗਿਆ। ਇਸ ਦੇ ਨਾਲ ਹੀ ਦੇਵੀ ਭਗਵਤੀ ਦੀ ਪੂਜਾ ਅਤੇ ਕੰਜਕ ਪੂਜਣ ਪ. ਕਮਲ ਕੌਸ਼ਲ ਅਤੇ ਉਹਨਾਂ ਦੀ ਧਰਮਪਤਨੀ ਰਿਧੀ ਕੌਸ਼ਲ (ਇੰਦਰਪ੍ਰੀਤ) ਅਤੇ ਸਾਕੇਤ ਕੌਸ਼ਲ ਵਲੋਂ ਕੀਤੀ ਗਈ। ਇਸ ਮੌਕੇ ਕਮੇਟੀ ਪ੍ਰਧਾਨ ਅਰੁਣ ਸ਼ਰਮਾ (ਬੰਟੀ), ਰਮਨ ਸ਼ਰਮਾ (ਰਿੰਕੂ), ਗਣੇਸ਼ ਫੌਜੀ, ਮਨੀ, ਅਨੁਜ ਸ਼ਰਮਾ, ਸੰਜੀਵ ਸ਼ਰਮਾ, ਦੁਸ਼ਾਂਤ ਪੂਰਥੀ, ਤਰੁਣ ਖੋਸਲਾ, ਕਾਰਤਿਕ ਵਿਰਮਾਨੀ, ਅਮਿਤ ਸ਼ਰਮਾ, ਸੋਨੂੰ, ਅਰਪਿਤ ਗੁਪਤਾ, ਰਾਜੂ ਗੁਪਤਾ ਸਮੇਤ ਸਮੂਹ ਮੈਂਬਰ ਹਾਜ਼ਰ ਸਨ। ਇਸ ਜਾਗਰਣ ਦਾ ਯੂ-ਟਿਊਬ ਚੈਨਲ ਤੇ ਸਿੱਧਾ ਪ੍ਰਸਾਰਣ ਕੀਤਾ ਗਿਆ ਤਾਂ ਜੋ ਦੇਸ਼-ਵਿਦੇਸ਼ ਦੇ ਸ਼ਰਧਾਲੂ ਇਸ ਦਾ ਟੈਲੀਕਾਸਟ ਦੇਖ ਸਕਣ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਅਤੇ ਟਰੈਫਿਕ ਐਜੂਕੇਸ਼ਨ ਸੈੱਲ ਵੱਲੋਂ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ, ਗੁਰਦਾਸਪੁਰ ਵਿਖੇ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ

ਗੁਰਦਾਸਪੁਰ-ਨਵਨੀਤ ਕੁਮਾਰ -
ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਗੁਰਦਾਸਪੁਰ ਦੇ ਸਕੱਤਰ ਸ੍ਰੀਮਤੀ ਰਮਨੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਟਰੈਫ਼ਿਕ ਐਜੂਕੇਸ਼ਨ ਸੈੱਲ ਗੁਰਦਾਸਪੁਰ ਵੱਲੋਂ ਅੱਜ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ, ਗੁਰਦਾਸਪੁਰ ਵਿਖੇ ਪ੍ਰਿੰਸੀਪਲ ਸ੍ਰੀਮਤੀ ਅਰਚਨਾ ਜੋਸ਼ੀ ਤੇ ਸਮੂਹ ਸਟਾਫ਼ ਦੇ ਸਹਿਯੋਗ ਨਾਲ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਵਿੱਚ ਐਡਵੋਕੇਟ ਕੇਵਲ ਸਿੰਘ, ਸ੍ਰੀਮਤੀ ਪਰਮਵੀਰ ਕੌਰ ਅਤੇ ਟਰੈਫ਼ਿਕ ਐਜੂਕੇਸ਼ਨ ਸੈੱਲ ਵੱਲੋਂ ਏ.ਐੱਸ.ਆਈ. ਸੰਜੀਵ ਕੁਮਾਰ, ਏ.ਐੱਸ.ਆਈ. ਅਮਨਦੀਪ ਸਿੰਘ ਨੇ ਹਿੱਸਾ ਲਿਆ। ਇਸ ਮੌਕੇ ਐਡਵੋਕੇਟ ਕੇਵਲ ਸਿੰਘ ਨੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਵੱਲੋਂ ਮਿਲਣ ਵਾਲੀਆਂ ਵੱਖ-ਵੱਖ ਕਾਨੂੰਨੀ ਸੇਵਾਵਾਂ ਦੇ ਬਾਰੇ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਸਾਡੇ ਸਮਾਜ ਦਾ ਕੋਈ ਵੀ ਵਿਅਕਤੀ ਇਨਸਾਫ਼ ਤੋਂ ਵਾਂਝਾ ਨਾ ਰਹੇ ਇਸ ਲਈ ਲੋੜਵੰਦਾਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਦਿੱਤੀ ਜਾਂਦੀ ਹੈ। ਇਸ ਮੌਕੇ ਉਨ੍ਹਾਂ ਲੋਕ ਅਦਾਲਤਾਂ ਦਾ ਲਾਭਾਂ ਬਾਰੇ ਵੀ ਦੱਸਿਆ। ਏ.ਐੱਸ.ਆਈ. ਸੰਜੀਵ ਕੁਮਾਰ ਅਤੇ ਏ.ਐੱਸ.ਆਈ. ਅਮਨਦੀਪ ਸਿੰਘ ਨੇ ਸਕੂਲੀ ਵਿਦਿਆਰਥੀਆਂ ਨੂੰ ਆਵਾਜਾਈ ਨਿਯਮਾਂ ਬਾਰੇ ਵਿਸਥਾਰ ਵਿੱਚ ਦੱਸਿਆ।



ਰੋਜ਼ਾਨਾ ਲੋਕ ਬਾਣੀ www.lokbani

ਉਨ੍ਹਾਂ ਕਿਹਾ ਕਿ ਦੋ ਪਹੀਆ ਵਾਹਨ ਚਲਾਉਣ ਸਮੇਂ ਹੈਲਮਟ ਜ਼ਰੂਰ ਪਹਿਨਿਆ ਜਾਵੇ ਅਤੇ ਲਾਇਸੰਸ ਤੋਂ ਬਿਨਾਂ ਵਾਹਨ ਨਾ ਚਲਾਏ ਜਾਣ। ਉਨ੍ਹਾਂ ਕਿਹਾ ਕਿ ਵਾਹਨਾਂ ਦੇ ਕਾਗ਼ਜ਼ਾਤ ਹਮੇਸ਼ਾ ਪੂਰੇ ਰੱਖਣੇ ਚਾਹੀਦੇ ਹਨ। ਇਸ ਮੌਕੇ ਉਨ੍ਹਾਂ ਟਰੈਫ਼ਿਕ ਚਲਾਨ ਤੇ ਜੁਰਮਾਨੇ ਬਾਰੇ ਵੀ ਦੱਸਿਆ। ਉਨ੍ਹਾਂ ਕਿਹਾ ਕਿ ਧੁੰਦ ਦੇ ਦਿਨਾਂ ਵਿੱਚ ਵਾਹਨ ਚਲਾਉਂਦੇ ਸਮੇਂ ਹੋਰ ਵੀ ਸਾਵਧਾਨੀ ਵਰਤਣੀ ਚਾਹੀਦੀ ਹੈ। ਇਸਦੇ ਨਾਲ ਹੀ ਉਨ੍ਹਾਂ ਵਿਦਿਆਰਥੀਆਂ ਨੂੰ ਐਕਸੀਡੈਂਟ ਪੀੜਤ ਦੀ ਮਦਦ ਲਈ ਅੱਗੇ ਆਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਾਈਬਰ ਕ੍ਰਾਈਮ ਦੇ ਹੈਲਪ ਲਾਈਨ ਨੰਬਰ 1930 ਬਾਰੇ ਜਾਗਰੂਕ ਕੀਤਾ ਅਤੇ ਹੈਲਪ ਲਾਈਨ ਨੰਬਰ 112, 1033 15100 ਬਾਰੇ ਵੀ ਜਾਣਕਾਰੀ ਦਿੱਤੀ। ਇਸ ਮੌਕੇ ਸਕੂਲ ਪ੍ਰਿੰਸੀਪਲ ਸ੍ਰੀਮਤੀ ਅਰਚਨਾ ਜੋਸ਼ੀ ਨੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਅਤੇ ਟਰੈਫਿਕ ਐਜੂਕੇਸ਼ਨ ਸੈੱਲ ਦੇ ਨੁਮਾਇੰਦਿਆਂ ਦਾ ਵਿਦਿਆਰਥੀਆਂ ਨੂੰ ਕੀਮਤੀ ਜਾਣਕਾਰੀ ਦੇਣ ਲਈ ਧੰਨਵਾਦ ਕੀਤਾ।

# ਹਰ ਇੱਕ ਨੌਜਵਾਨ ਨੂੰ ਸੱਚ ਦੇ ਰਾਹ ਤੇ ਚੱਲਦੇ ਹੋਏ ਖ਼ੂਨਦਾਨ ਕਰਨਾ ਚਾਹੀਦਾ ਹੈ

ਫਗਵਾੜਾ - (ਸੁਸ਼ੀਲ ਸ਼ਰਮਾ)
ਪੰਜਾਬ ਦੇ ਪ੍ਰਸਿੱਧ ਪੰਜਾਬੀ ਲੇਖਕ, ਗੀਤਕਾਰ ਅਤੇ ਸਮਾਜ ਸੇਵਕ ਮਹਿੰਦਰ ਸੂਦ ਵਿਰਕ ਨੇ ਅੰਬੇਡਕਰ ਸੈਨਾ ਆਫ਼ ਇੰਡੀਆ ਵੱਲੋਂ ਗੁਰਾਇਆ ਬਲੱਡ ਸੇਵਾ ਦੇ ਸਹਿਯੋਗ ਦੇ ਨਾਲ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਡਕਰ ਜੀ ਦੇ ਪ੍ਰੀ-ਨਿਰਵਾਣ ਦਿਵਸ ਨੂੰ ਸਮਰਪਿਤ ਲਗਾਏ ਖ਼ੂਨਦਾਨ ਕੈਂਪ ਵਿੱਚ ਹਾਜ਼ਰੀ ਭਰਦਿਆਂ ਕਿਹਾ ਇਹ ਉਪਰਾਲਾ ਅਨੇਕਾਂ ਹੀ ਅਨਮੋਲ ਜ਼ਿੰਦਗੀਆਂ ਦੇ ਜੀਵਨ ਦੀ ਰੱਖਿਆ ਕਰਨ ਵਾਲਾ ਹੈ। ਇਸ ਦੌਰਾਨ ਸੂਦ ਵਿਰਕ ਨੇ ਖ਼ੂਨਦਾਨ ਕਰਨ ਵਾਲੇ ਨੌਜਵਾਨਾਂ ਦਾ ਉਤਸ਼ਾਹ ਵਧਾਉਂਦੇ ਹੋਏ ਕਿਹਾ ਕਿ ਉਹ ਖ਼ੁੱਦ ਵੀ 22 ਸਾਲਾਂ ਤੋਂ ਲਗਾਤਾਰ ਖ਼ੂਨਦਾਨ ਕਰਦੇ ਆ ਰਹੇ ਹਨ ਅਤੇ ਪੂਰੀ ਤਰਾਂ ਤੰਦਰੁਸਤ ਹਨ। ਇਸ ਲਈ ਹਰ ਇੱਕ ਨੌਜਵਾਨ ਨੂੰ ਸੱਚ ਦੇ ਰਾਹ ਤੇ ਚੱਲਦੇ ਹੋਏ ਖ਼ੂਨਦਾਨ ਕਰਨਾ ਚਾਹੀਦਾ ਹੈ। ਜਿਸ ਨਾਲ ਇੱਕ ਇੰਨਸਾਨ ਦੂਸਰੇ ਇੰਨਸਾਨ ਦੀ ਕੀਮਤੀ ਜ਼ਿੰਦਗੀ ਬਚਾ ਸਕਦਾ ਹੈ। ਇਸ ਲਈ ਅਜਿਹੇ ਪੁੰਨ ਦੇ ਕੰਮਾਂ ਵਿੱਚ ਵੱਧ ਤੋਂ ਵੱਧ ਸਹਿਯੋਗ ਕਰਕੇ ਪਰਮਾਤਮਾ ਦਾ ਆਸ਼ੀਰਵਾਦ ਪ੍ਰਾਪਤ ਕਰਨਾ ਚਾਹੀਦਾ ਹੈ। ਇਸ ਮੌਕੇ ਪ੍ਰਬੰਧਕਾਂ ਵਲੋਂ ਮਹਿੰਦਰ ਸੂਦ ਵਿਰਕ ਨੂੰ ਸਨਮਾਨਿਤ ਵੀ ਕੀਤਾ ਗਿਆ।



ਰੋਜ਼ਾਨਾ ਲੋਕ ਬਾਣੀ www.lokbani

# ਆਰੀਆ ਮਹਿਲਾ ਸੰਗਠਨ ਨੇ ਬੱਚਿਆਂ ਨੂੰ ਜੁਰਾਬਾਂ ਵੰਡੀਆਂ

ਚੰਡੀਗੜ੍ਹ (ਲੋਕ ਬਾਣੀ) । ਆਰੀਆ ਮਹਿਲਾ ਸੰਗਠਨ ਨੇ ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ, ਐਮ.ਡੀ.ਏ.ਵੀ ਭਵਨ, ਦਰੀਆ, ਚੰਡੀਗੜ੍ਹ ਦੇ ਪ੍ਰੀ-ਪ੍ਰਾਇਮਰੀ ਅਤੇ ਪ੍ਰਾਇਮਰੀ ਵਿਦਿਆਰਥੀਆਂ ਨੂੰ ਨਿੱਘੀਆਂ ਜੁਰਾਬਾਂ ਵੰਡੀਆਂ। ਆਰੀਆ ਮਹਿਲਾ ਸੰਗਠਨ ਵਿੱਚ ਚੰਡੀਗੜ੍ਹ, ਪੰਚਕੂਲਾ, ਮੋਹਾਲੀ ਦੇ ਆਰੀਆ ਸਮਾਜ ਦੀਆਂ ਔਰਤਾਂ ਸ਼ਾਮਲ ਹਨ ਜੋ ਮਿਲ ਕੇ ਪੇਂਡੂ ਖੇਤਰਾਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਦੇ ਬੱਚਿਆਂ ਦੇ ਵਿਕਾਸ ਲਈ ਕੰਮ ਕਰਦੀਆਂ ਹਨ। ਇਹ ਸੰਸਥਾ ਮਹਾਰਿਸ਼ੀ ਦਯਾਨੰਦ ਸਰਸਵਤੀ ਜੀ ਦੇ ਨਕਸ਼ੇ ਕਦਮਾਂ ਤੇ ਚੱਲਦਿਆਂ ਯੱਗ ਦਾ ਆਯੋਜਨ ਕਰਦੀ ਹੈ। ਆਰੀਆ ਮਹਿਲਾ ਸੰਗਠਨ ਦੀਆਂ ਔਰਤਾਂ ਨੇ ਵਿਦਿਆਰਥੀਆਂ ਨੂੰ ਭਾਰਤੀ ਸੰਸਕ੍ਰਿਤੀ, ਵੇਦ, ਆਰੀਆ ਸਿੱਖਿਆ ਪ੍ਰਣਾਲੀ, ਵਾਤਾਵਰਣ, ਵਿਗਿਆਨ ਅਤੇ ਤਕਨਾਲੋਜੀ ਆਦਿ ਨਾਲ ਸਬੰਧਤ ਗਿਆਨ ਵੰਡਿਆ। ਪ੍ਰੋਗਰਾਮ ਦੌਰਾਨ ਊਸ਼ਾ ਜੀਵਨ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਬੁੱਧੀ ਲਈ ਪ੍ਰਮਾਤਮਾ ਅੱਗੇ ਅਰਦਾਸ



ਰੋਜ਼ਾਨਾ ਲੋਕ ਬਾਣੀ
www.lokbani

ਕਰਨ । ਮਹਾਮੰਤਰ ਗਾਇਤਰੀ ਦਾ ਜਾਪ ਕਰਨ ਨਾਲ ਯਾਦ ਸ਼ਕਤੀ ਵਧਦੀ ਹੈ। ਮਾਪਿਆਂ ਅਤੇ ਬਜ਼ੁਰਗਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ। ਇਸ ਮੌਕੇ ਕਮਲਾ ਆਰੀਆ, ਸੁਦਰਸ਼ਨ ਚੌਹਾਨ, ਨਿਰਮਲ ਰਹੇਜਾ ਨੇ ਵੀ ਬੱਚਿਆਂ ਦਾ ਮਾਰਗਦਰਸ਼ਨ ਕੀਤਾ । ਸਕੂਲ ਦੀ ਵਾਈਸ ਪ੍ਰਿੰਸੀਪਲ ਅੰਜੂ ਮੌਦਗਿਲ ਨੇ ਇਸ ਨੇਕ ਕਾਰਜ ਲਈ ਆਰੀਆ ਮਹਿਲਾ ਸੰਗਠਨ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਬੱਚਿਆਂ ਦੀ ਮਦਦ ਅਤੇ ਮਾਰਗਦਰਸ਼ਨ ਦੀ ਕਾਮਨਾ ਕੀਤੀ।

# ਨਗਰ ਕੌਂਸਲ ਮਾਲੇਰਕੋਟਲਾ ਦੇ ਵਾਰਡ ਨੰਬਰ 18 ਦੀ ਉਪ ਚੋਣ 21 ਦਸੰਬਰ ਨੂੰ

ਮਾਲੇਰਕੋਟਲਾ : (ਕਿਮੀ ਅਰੋੜਾ, ਅਸਲਮ ਨਾਜ਼) ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਐਲਾਨੇ ਚੋਣ ਪ੍ਰੋਗਰਾਮ ਅਨੁਸਾਰ ਨਗਰ ਕੌਂਸਲ ਮਾਲੇਰਕੋਟਲਾ ਦੇ ਵਾਰਡ ਨੰਬਰ 18 ਦੀ ਉਪ ਚੋਣ 21 ਦਸੰਬਰ ਨੂੰ ਹੋਵੇਗੀ। ਰਿਟਰਨਿੰਗ ਅਫਸਰ ਕਮ ਉਪ ਮੰਡਲ ਮੈਜਿਸਟਰੇਟ ਮਾਲੇਰਕੋਟਲਾ ਹਰਬੰਸ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਾਮਜਦਗੀ ਭਰਨ ਲਈ ਪਹਿਲੇ ਦਿਨ ਕੋਈ ਵੀ ਉਮੀਦਵਾਰ ਨੇ ਫਾਰਮ ਨਹੀਂ ਜਮਾ ਕਰਵਾਏ। ਉਨ੍ਹਾਂ ਦੱਸਿਆ ਕਿ ਕਮਿਸ਼ਨ ਵੱਲੋਂ ਐਲਾਨੇ ਗਏ ਚੋਣ ਪ੍ਰੋਗਰਾਮ ਅਨੁਸਾਰ ਨਾਮਜ਼ਦਗੀਆਂ ਭਰਨ ਦਾ ਪਹਿਲਾ ਦਿਨ 9 ਦਸੰਬਰ 2024 (ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ) ਸਬੰਧਤ ਰਿਟਰਨਿੰਗ ਅਫ਼ਸਰਾਂ ਦੇ ਦਫ਼ਤਰਾਂ ਵਿੱਚ ਅਤੇ ਨਾਮਜ਼ਦਗੀਆਂ ਭਰਨ ਦੀ ਆਖਰੀ ਮਿਤੀ 12 ਦਸੰਬਰ 2024 (ਦੁਪਹਿਰ 03:00 ਵਜੇ ਤੱਕ) ਨਿਸ਼ਚਿਤ ਕੀਤੀ ਗਈ ਹੈ। ਇਸ ਤੋਂ



ਇਲਾਵਾ ਕਮਿਸ਼ਨ ਨੇ ਪੜਤਾਲ ਲਈ 13 ਦਸੰਬਰ 2024 ਅਤੇ ਉਮੀਦਵਾਰੀ ਵਾਪਸ ਲੈਣ ਦੀ ਆਖਰੀ ਮਿਤੀ 14 ਦਸੰਬਰ 20 24 (ਦੁਪਹਿਰ 3 ਵਜੇ ਤੱਕ) ਨਿਰਧਾਰਤ ਕੀਤੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਵੋਟਿੰਗ ਲਈ ਈ.ਵੀ.ਐਮਜ਼. ਦੀ ਵਰਤੋਂ ਕੀਤੀ ਜਾਵੇਗੀ। ਵੋਟਾਂ 21.12.20 24 ਨੂੰ ਸਵੇਰੇ 7.00 ਵਜੇ ਤੋਂ ਸ਼ਾਮ 04.00 ਵਜੇ ਤੱਕ ਈ.ਵੀ. ਐਮਜ਼. ਜ਼ਰੀਏ ਪੈਣਗੀਆਂ।

ਰੋਜ਼ਾਨਾ ਲੋਕ ਬਾਣੀ
www.lokbani

ਉਨ੍ਹਾਂ ਦੱਸਿਆ ਕਿ ਵੋਟਰਾਂ ਦੀ ਸਹੂਲਤ ਲਈ ਨਾਮਜ਼ਦਗੀ ਫਾਰਮ ਨੰ.20 ਅਤੇ ਹਲਫ਼ੀਆ ਬਿਆਨ ਦਾ ਨਮੂਨਾ ਕਮਿਸ਼ਨ ਦੀ ਵੈੱਬਸਾਈਟ sec.punjab.gov.in ਤੇ ਉਪਲਬੱਧ ਕਰਵਾਇਆ ਗਿਆ ਹੈ।

# ਨਵੀਂ ਮਿਸਾਲ: ਜ਼ੀ ਪੰਜਾਬੀ ਤੇ ਰੇਡੀਓ ਮਿਰਚੀ ਜੁੜ ਰਹੇ ਹਨ ਡਰੱਗ ਜਾਗਰੂਕਤਾ ਦੀ ਮੁਹਿੰਮ ਦੇ ਲਈ, ਵੇਖੋ ਸ਼ਿਵਿਕਾ-ਸਾਥ ਯੁਗਾਂ ਯੁਗਾਂ ਦਾ ਰਾਤ 8 ਵਜੇ ਸਿਰਫ ਜ਼ੀ ਪੰਜਾਬੀ ਤੇ !

(ਲੋਕ ਬਾਣੀ) ਇੱਕ ਮਹੱਤਵਪੂਰਨ ਪਹਿਲਕਦਮੀ ਵਿੱਚ, ਜ਼ੀ ਪੰਜਾਬੀ ਅਤੇ ਰੇਡੀਓ ਮਿਰਚੀ ਨੇ ਸੱਪ ਦੇ ਜ਼ਹਿਰ ਤੋਂ ਪੈਦਾ ਹੋਣ ਵਾਲੇ ਨਸ਼ਿਆਂ ਦੀ ਦੁਰਵਰਤੋਂ ਦੇ ਚਿੰਤਾਜਨਕ ਮੁੱਦੇ ਨੂੰ ਉਜਾਗਰ ਕਰਨ ਲਈ ਹੱਥ ਮਿਲਾਇਆ ਹੈ। ਇਹ ਸਹਿਯੋਗ ਜ਼ੀ ਪੰਜਾਬੀ ਦੇ ਪ੍ਰਸਿੱਧ ਸ਼ੋਅ ਸ਼ਿਵਿਕਾ-ਸਾਥ ਯੁਗਾਂ ਯੁਗਾਂ ਦਾ ਮੰਗਲਵਾਰ ਨੂੰ ਰਾਤ 8 ਵਜੇ ਦੇ ਇੱਕ ਵਿਸ਼ੇਸ਼ ਐਪੀਸੋਡ ਵਿੱਚ ਪ੍ਰਸਾਰਿਤ ਕੀਤਾ ਜਾਵੇਗਾ।

ਇਸ ਐਪੀਸੋਡ ਵਿੱਚ ਡਾ. ਈਸ਼ਾਨ (ਪੁਨੀਤ ਭਾਟੀਆ) ਸੱਪ ਦੇ ਜ਼ਹਿਰ ਤੋਂ ਤਿਆਰ ਕਰਨ ਵਾਲੇ ਨਸ਼ਿਆਂ ਦੇ ਗਿਰੋਹ ਦਾ ਪਰਦਾਫਾਸ਼ ਕਰਦਾ ਹੈ। ਇਸ ਖਤਰੇ ਦਾ ਮੁਕਾਬਲਾ ਕਰਨ ਲਈ ਦ੍ਰਿੜ ਸੰਕਲਪ, ਡਾ. ਈਸ਼ਾਨ, ਸ਼ਿਵਿਕਾ ਦੇ ਨਾਲ, ਜਾਗਰੂਕਤਾ ਵਧਾਉਣ ਅਤੇ ਲੋਕਾਂ ਨੂੰ ਅਜਿਹੇ ਨਸ਼ਿਆਂ ਦੇ ਖਤਰਨਾਕ ਨਤੀਜਿਆਂ ਬਾਰੇ ਜਾਗਰੂਕ ਕਰਨ ਲਈ ਰੇਡੀਓ ਮਿਰਚੀ ਤੱਕ ਪਹੁੰਚਦੇ ਹਨ।

ਸਹਿਯੋਗ ਬਾਰੇ ਬੋਲਦੇ ਹੋਏ, ਮੁੱਖ ਅਦਾਕਾਰ ਪੁਨੀਤ ਭਾਟੀਆ ਨੇ ਸਾਂਝਾ ਕੀਤਾ, ਇਹ ਸਿਰਫ਼ ਇੱਕ ਸ਼ੋਅ ਦੀ ਕਹਾਣੀ ਨਹੀਂ ਹੈ, ਇਹ ਸਾਡੇ ਸਮਾਜ ਦੇ ਲਈ ਇੱਕ ਖਤਰੇ ਦੀ ਘੰਟੀ ਹੈ। ਅਜਿਹੇ ਨਾਜ਼ੁਕ ਮੁੱਦੇ ਨੂੰ ਹੱਲ ਕਰਨ ਲਈ ਸਾਡੇ ਪਲੇਟਫਾਰਮ ਦੀ ਵਰਤੋਂ ਕਰਨਾ ਸਨਮਾਨ ਦੀ ਗੱਲ ਹੈ।

ਰੋਜ਼ਾਨਾ ਲੋਕ ਬਾਣੀ
www.lokbani

ਇਸ ਸਹਿਯੋਗ ਦੇ ਹਿੱਸੇ ਵਜੋਂ, ਡਾ. ਈਸ਼ਾਨ ਨੇ ਆਪਣਾ ਸੰਦੇਸ਼ ਦਰਸ਼ਕਾਂ ਤੱਕ ਪਹੁੰਚਾਉਂਦੇ ਹੋਏ ਕਿਹਾ, ਇਹ ਇਕੱਲੀ ਇੱਕ ਸਮਾਜ




ਦੀ ਹੀ ਗੰਭੀਰ ਸਮੱਸਿਆ ਨਹੀਂ ਹੈ ਸਗੋਂ ਪੂਰੇ ਵਿਸ਼ਵ ਦੀ ਗੰਭੀਰ ਸਮੱਸਿਆ ਹੈ ਜਿਸ ਦੇ ਲਈ ਸਾਨੂੰ ਇੱਕ ਜੁੱਟ ਹੋ ਕੇ ਸਾਹਮਣਾ ਕਰਨਾ ਚਾਹੀਦਾ ਹੈ, ਇਹੀ ਸੰਦੇਸ਼ ਸਾਡੇ ਸ਼ੋਅ ਸ਼ਿਵਿਕਾ-ਸਾਥ ਯੁਗਾਂ ਯੁਗਾ ਦਾ ਤੇ ਰੇਡੀਓ ਮਿਰਚੀ ਨੇ ਵਿਸ਼ਾਲ ਸਰੋਤਿਆਂ ਤੱਕ ਪਹੁੰਚਾਉਣ ਦਾ ਯਤਨ ਕੀਤਾ ਹੈ, ਮੈਂ ਉਮੀਦ ਕਰਦਾ ਹਾਂ ਕਿ ਦਰਸ਼ਕ ਸਾਡੀ ਕਹਾਣੀ ਨੂੰ ਜ਼ਰੂਰ ਪਸੰਦ ਕਰਨਗੇ।

ਇਸ ਮੰਗਲਵਾਰ ਰਾਤ 8 ਵਜੇ ਜ਼ੀ ਪੰਜਾਬੀ ਤੇ ਟਿਊਨ ਇਨ ਕਰੋ ਇਹ ਦੇਖਣ ਲਈ ਕਿ ਕਿਵੇਂ ਮਨੋਰੰਜਨ ਸੱਚ ਨੂੰ ਆਪਣੇ ਸ਼ਬਦਾਂ ਵਿੱਚ ਬਿਆਨ ਕਰਦਾ ਹੈ, ਇਹ ਸਾਬਤ ਕਰਦਾ ਹੈ ਕਿ ਮੀਡੀਆ ਸਮਾਜ ਵਿੱਚ ਪ੍ਰਭਾਵਸ਼ਾਲੀ ਤਬਦੀਲੀ ਨੂੰ ਪ੍ਰੇਰਿਤ ਕਰ ਸਕਦਾ ਹੈ।

# ਆਈ.ਏ.ਐਸ. ਅਧਿਕਾਰੀ ਹਰਜਿੰਦਰ ਸਿੰਘ ਨੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਦਾ ਅਹੁਦਾ ਸੰਭਾਲਿਆ

ਗੁਰਦਾਸਪੁਰ-ਨਵਨੀਤ ਕੁਮਾਰ - 2020 ਬੈਚ ਦੇ ਆਈ.ਏ.ਐਸ. ਅਧਿਕਾਰੀ ਸ੍ਰੀ ਹਰਜਿੰਦਰ ਸਿੰਘ ਨੇ ਅੱਜ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਗੁਰਦਾਸਪੁਰ ਵਜੋਂ ਅਹੁਦਾ ਸੰਭਾਲ ਲਿਆ ਹੈ। ਅਹੁਦਾ ਸੰਭਾਲਣ ਉਪਰੰਤ ਸ੍ਰੀ ਹਰਜਿੰਦਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਮੁਤਾਬਿਕ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀਆਂ ਨੀਤੀਆਂ ਮੁਤਾਬਿਕ ਜ਼ਿਲ੍ਹੇ ਦਾ ਚਹੁੰਤਰਫ਼ਾ ਵਿਕਾਸ ਯਕੀਨੀ ਬਣਾਉਣਗੇ।



ਰੋਜ਼ਾਨਾ ਲੋਕ ਬਾਣੀ
www.lokbani

ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਹਰਜਿੰਦਰ ਸਿੰਘ ਨੇ ਕਿਹਾ ਕਿ ਗੁਰਦਾਸਪੁਰ ਜ਼ਿਲ੍ਹੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ ਸਮੇਤ ਇਨ੍ਹਾਂ ਨੂੰ ਸਮੇਂ ਸਿਰ ਮੁਕੰਮਲ ਕਰਵਾਉਣਾ ਅਤੇ ਪੰਜਾਬ ਸਰਕਾਰ ਵੱਲੋਂ ਉਲੀਕੇ ਨਵੇਂ ਪ੍ਰਾਜੈਕਟਾਂ ਸਮੇਤ ਹੋਰ ਅਹਿਮ ਕਾਰਜਾਂ ਨੂੰ ਨੇਪਰੇ ਚੜ੍ਹਾਉਣਾ ਉਨ੍ਹਾਂ ਦੀ ਤਰਜੀਹ ਹੋਵੇਗੀ। ਉਨ੍ਹਾਂ ਕਿਹਾ ਕਿ ਸਰਕਾਰੀ ਦਫ਼ਤਰਾਂ ਵਿੱਚ ਲੋਕਾਂ ਦੇ ਕੰਮ ਪਹਿਲ ਦੇ ਅਧਾਰ ਤੇ ਕਰਵਾਏ ਜਾਣੇ ਯਕੀਨੀ ਬਣਾਏ ਜਾਣਗੇ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
EDUCATIONAL SINCE 1958
64 YEARS EXCELLENCE
MORE THAN • 56 Colleges & Schools • 200 Merit Positions • 125 Companies For Placements • 75 Academic Courses • 2000 Placements In 2022 - 2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565